




ਸੱਚ ਤੇ ਨਿਡਰ ਆਵਾਜ਼

ਰੋਜ਼ਾਨਾ

# ਲੋਕ ਬਾਣੀ

DAILY LOKBANI JALANDHAR

ਮੁੱਖ ਸੰਪਾਦਕ : ਅਮਨਦੀਪ ਮਹਿਰਾ

ਸ਼ੁੱਕਰਵਾਰ, 21 ਫਰਵਰੀ 2025

Email:- lokbani08@gmail.com








R. N. I. Punpun/29016/2008 * ਸਾਲ 16 , * ਅੰਕ : 247 * ਮੁੱਲ : 6 ਰੁਪਏ * ਕੁੱਲ ਪੇਜ: 10 * ਦਫ਼ਤਰ : 0181-2211009 * M : 99155-94111







## ਸੁਪਰੀਮ ਕੋਰਟ ਵੱਲੋਂ ਸੁਣਵਾਈ ਮੁਲਤਵੀ



ਨਵੀਂ ਦਿੱਲੀ ਲੋਕ ਬਾਣੀ-ਸੁਪਰੀਮ ਕੋਰਟ ਨੇ ਮੁੱਖ ਚੋਣ ਕਮਿਸ਼ਨਰ (353) ਤੇ ਚੋਣ ਕਮਿਸ਼ਨਰਾਂ (53) ਦੀ ਨਿਯੁਕਤੀ ਨੂੰ 2023 ਦੇ ਕਾਨੂੰਨ ਤਹਿਤ ਚੁਣੌਤੀ ਦਿੰਦੀਆਂ ਪਟੀਸ਼ਨਾਂ ’ਤੇ ਸੁਣਵਾਈ ਮੁਲਤਵੀ ਕਰ ਦਿੱਤੀ ਹੈ। ਜਸਟਿਸ ਸੂਰਿਆ ਕਾਂਤ ਤੇ ਜਸਟਿਸ ਐੱਨ.ਕੋਟਿਸ਼ਵਰ ਸਿੰਘ ਦੇ ਬੈਂਚ ਨੇ ਇਸ਼ਾਰਾ ਕੀਤਾ ਕਿ ਸਮੇਂ ਦੀ ਘਾਟ ਕਰਕੇ ਇਸ ਮਾਮਲੇ ਨੂੰ ਹੁਣ ਹੋਲੀ ਦੀਆਂ ਛੁੱਟੀਆਂ ਮਗਰੋਂ ਸੁਣਵਾਈ ਲਈ ਸੂਚੀਬੱਧ ਕੀਤਾ ਜਾ ਸਕਦਾ ਹੈ। ਹਾਲਾਂਕਿ ਸੁਣਵਾਈ ਲਈ ਕੋਈ ਤਰੀਕ ਨਿਰਧਾਰਿਤ ਨਹੀਂ ਕੀਤੀ ਗਈ।
ਉਧਰ ਐੱਨਜੀਓ ਐਸੋਸੀਏਸ਼ਨ ਫਾਰ ਡੈਮੋਕਰੈਟਿਕ ਰਿਫਾਰਮਜ਼ ਵੱਲੋਂ ਪੇਸ਼ ਵਕੀਲ ਪ੍ਰਸ਼ਾਂਤ ਭੂਸ਼ਣ ਨੇ ਹਾਲਾਂਕਿ ਦਲੀਲ ਦਿੱਤੀ ਸੀ ਕਿ ਇਹ ਬਹੁਤ ਅਹਿਮ ਮਸਲਾ ਹੈ,

## ਅਦਾਲਤ ‘ਚ ਗੋਲੀਬਾਰੀ ਅੰਡਰਵਰਲਡ ਨਾਲ ਸਬੰਧਤ ਵਿਅਕਤੀ ਦੀ ਮੌਤ



ਕੋਲੰਬੋ, ਲੋਕ ਬਾਣੀ- ਕੋਲੰਬੋ ਦੇ ਉਪਨਗਰ ਹਲਫਟਸਡੋਰਪ ਦੇ ਨਿਆਂਇਕ ਜ਼ਿਲ੍ਹੇ ਵਿੱਚ ਬੁੱਧਵਾਰ ਸਵੇਰੇ ਅਦਾਲਤ ਦੇ ਅਹਾਤੇ ਵਿੱਚ ਗੋਲੀ ਲੱਗਣ ਨਾਲ ਅੰਡਰਵਰਲਡ ਨਾਲ ਸਬੰਧਤ ਮਸ਼ਹੂਰ ਵਿਅਕਤੀ ਦੀ ਮੌਤ ਹੋ ਗਈ। ਨੈਸ਼ਨਲ ਹਸਪਤਾਲ ਦੇ ਡਾਇਰੈਕਟਰ ਡਾ. ਰੁਕਸ਼ਨ ਬੇਲਾਨਾ ਨੇ ਦੱਸਿਆ ਕਿ ਮਸ਼ਹੂਰ ਅਪਰਾਧਿਕ ਸ਼ੱਕੀ ਗਨੇਮੁਲੇ ਸੰਜੀਵਾ ਦੀ ਹਸਪਤਾਲ ਵਿਚ ਦਾਖਲ ਹੋਣ ਤੋਂ ਬਾਅਦ ਮੌਤ ਹੋ ਗਈ। ਪੁਲੀਸ ਨੇ ਦੱਸਿਆ ਕਿ ਸੰਜੀਵਾ ਨੂੰ ਦੱਖਣੀ ਕਸਬੇ ਬੂਸਾ ਦੀ ਜੇਲ੍ਹ ਤੋਂ ਮੁੱਖ ਮੈਜਿਸਟ੍ਰੇਟ ਦੀ ਅਦਾਲਤ ਵਿਚ ਸੁਣਵਾਈ ਲਈ ਲਿਆਂਦਾ ਗਿਆ ਸੀ,

## ਮੰਤਰੀ ਰਵਨੀਤ ਬਿੱਟੂ ਨੇ ਚੰਡੀਗੜ੍ਹ ਪੁਲਿਸ ਅਧਿਕਾਰੀਆਂ ਖਿਲਾਫ ਦੁਰਵਿਵਹਾਰ ਮਾਮਲੇ ਚ ਸ਼ਿਕਾਇਤ ਦਰਜ ਕਰਵਾਈ

ਚੰਡੀਗੜ੍ਹ, ਲੋਕ ਬਾਣੀ-ਕੇਂਦਰੀ ਮੰਤਰੀ ਰਵਨੀਤ ਸਿੰਘ ਬਿੱਟੂ ਨੇ ਚੰਡੀਗੜ੍ਹ ਪੁਲਿਸ ਦੇ ਡੀ.ਜੀ.ਪੀ. ਨੂੰ ਚੰਡੀਗੜ੍ਹ ਪੁਲਿਸ ਅਧਿਕਾਰੀਆਂ ਵਲੋਂ ਕੀਤੇ ਗਏ ਕਥਿਤ ਦੁਰਵਿਵਹਾਰ ਬਾਰੇ ਸ਼ਿਕਾਇਤ ਦਰਜ ਕਰਵਾਈ ਜਦੋਂ ਉਹ ਚੰਡੀਗੜ੍ਹ ਵਿਖੇ ਮੁੱਖ ਮੰਤਰੀ ਦੀ ਰਿਹਾਇਸ਼ ਤੇ ਮਿਲਣ ਗਏ ਸਨ।




## ਲੋਕਆਯੁਕਤ ਪੁਲੀਸ ਵੱਲੋਂ ਮੁੱਖ ਮੰਤਰੀ ਸਿੱਧਰਮੱਈਆ ਖਿਲਾਫ਼ ਕੋਈ ਸਬੂਤ ਨਾ ਹੋਣ ਦਾ ਦਾਅਵਾ



ਬੰਗਲੂਰੂ,, ਲੋਕ ਬਾਣੀ-ਮੈਸੂਰ ਸ਼ਹਿਰੀ ਵਿਕਾਸ ਅਥਾਰਿਟੀ (MUDA) ਸਾਈਟ ਅਲਾਟਮੈਂਟ ਮਾਮਲੇ ਦੀ ਜਾਂਚ ਕਰ ਰਹੀ ਲੋਕਆਯੁਕਤ Lokayukta ਪੁਲੀਸ ਨੇ ਅੱਜ ਕਿਹਾ ਕਿ ਸਬੂਤਾਂ ਦੀ ਘਾਟ ਕਰਕੇ ਕਰਨਾਟਕ ਦੇ ਮੁੱਖ ਮੰਤਰੀ ਸਿੱਧਰਮੱਈਆ Siddaramaiah ਅਤੇ ਉਨ੍ਹਾਂ ਦੀ ਪਤਨੀ ਪਾਰਵਤੀ ਵਿਰੁੱਧ ਦੋਸ਼ ਸਾਬਤ ਨਹੀਂ ਹੋ ਸਕੇ।
ਜਾਂਚ ਅਧਿਕਾਰੀਆਂ ਨੇ ਕਿਹਾ ਕਿ ਉਨ੍ਹਾਂ ਨੇ ਹਾਈ ਕੋਰਟ ਨੂੰ ਅੰਤਿਮ ਰਿਪੋਰਟ ਸੌਂਪ ਦਿੱਤੀ ਹੈ।ਲੋਕਆਯੁਕਤ ਪੁਲੀਸ ਨੇ ਕਾਰਕੁਨ ਸਨੇਹਾਮਈ ਕ੍ਰਿਸ਼ਨਾ, ਜੋ $ ”41 ਮਾਮਲੇ ਵਿੱਚ ਸ਼ਿਕਾਇਤਕਰਤਾ ਹੈ,

## ਰੇਖਾ ਗੁਪਤਾ ਦਿੱਲੀ ਦੇ ਨਵੇਂ ਮੁੱਖ ਮੰਤਰੀ ਹੋਣਗੇ, ਉਪ ਰਾਜਪਾਲ ਵੱਲੋਂ ਸਰਕਾਰ ਬਣਾਉਣ ਦਾ ਸੱਦਾ




ਨਵੀਂ ਦਿੱਲੀ, ਲੋਕ ਬਾਣੀ ਰੇਖਾ ਗੁਪਤਾ ਦਿੱਲੀ ਦੇ ਨਵੇਂ ਮੁੱਖ ਮੰਤਰੀ ਹੋਣਗੇ। ਰੇਖਾ ਗੁਪਤਾ ਸ਼ਾਲੀਮਾਰ ਬਾਗ ਹਲਕੇ ਤੋਂ ਵਿਧਾਇਕ ਹਨ। ਭਾਜਪਾ ਵਿਧਾਇਕ ਦਲ ਦੀ ਬੈਠਕ ਦੌਰਾਨ ਰੇਖਾ ਗੁਪਤਾ ਦੇ ਨਾਮ ’ਤੇ ਰਸਮੀ ਮੋਹਰ ਲਾਈ ਗਈ। ਗੁਪਤਾ ਨੇ ਮੁੱਖ ਮੰਤਰੀ ਮਨੋਨੀਤ ਕੀਤੇ ਜਾਣ ਮਗਰੋਂ ਇਸ ਨਵੀਂ ਜ਼ਿੰਮੇਵਾਰੀ ਲਈ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੇ ਸਾਰੇ ਵਿਧਾਇਕਾਂ ਦਾ ਧੰਨਵਾਦ ਕੀਤਾ ਉਪ ਰਾਜਪਾਲ ਵੀਕੇ ਸਕਸੈਨਾ ਨੇ ਮਨੋਨੀਤ ਮੁੱਖ ਮੰਤਰੀ ਨੂੰ ਸਰਕਾਰ ਬਣਾਉਣ ਦਾ ਸੱਦਾ ਦਿੱਤਾ ਹੈ।


## ਕੇਂਦਰ ਤੇ ਕਿਸਾਨਾਂ ਦਰਮਿਆਨ ਦੂਜੇ ਗੇੜ ਦੀ ਗੱਲਬਾਤ 22 ਨੂੰ ਚੰਡੀਗੜ੍ਹ ਵਿਚ

ਚੰਡੀਗੜ੍ਹ, , ਲੋਕ ਬਾਣੀ- ਕਿਸਾਨਾਂ ਤੇ ਕੇਂਦਰ ਸਰਕਾਰ ਦਰਮਿਆਨ ਦੂਜੇ ਗੇੜ ਦੀ ਗੱਲਬਾਤ 22 ਫਰਵਰੀ ਨੂੰ ਚੰਡੀਗੜ੍ਹ ਦੇ ਸੈਕਟਰ 26 ‘ਮਗਸਿਪਾ’ ਵਿਚ ਸ਼ਾਮੀਂ 6 ਵਜੇ ਹੋਵੇਗੀ। ਬੈਠਕ ਵਿਚ ਕੇਂਦਰੀ ਖੇਤੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਵੀ ਸ਼ਾਮਲ ਹੋਣਗੇ। ਸੰਯੁਕਤ ਕਿਸਾਨ ਮੋਰਚਾ (ਗੈਰਸਿਆਸੀ) ਨੇ




ਕੇਂਦਰ ਸਰਕਾਰ ਵੱਲੋਂ ਦੂਜੇ ਗੇੜ ਦੀ ਗੱਲਬਾਤ ਲਈ ਸੱਦਾ ਪੱਤਰ ਮਿਲਣ ਦਾ ਦਾਅਵਾ ਕੀਤਾ ਹੈ।

## ਮੱਧ ਪ੍ਰਦੇਸ਼ ਦੇ ਬਾਲਾਘਾਟ ਜ਼ਿਲ੍ਹੇ ਵਿੱਚ ਪੁਲੀਸ ਮੁਕਾਬਲੇ ’ਚ 3 ਮਹਿਲਾ ਨਕਸਲੀਆਂ ਸਮੇਤ ਚਾਰ ਹਲਾਕ



ਬਾਲਾਘਾਟ(ਮੱਧ ਪ੍ਰਦੇਸ਼), ਲੋਕ ਬਾਣੀ- ਮੱਧ ਪ੍ਰਦੇਸ਼ ਦੇ ਬਾਲਾਘਾਟ ਜ਼ਿਲ੍ਹੇ ਵਿੱਚ ਅੱਜ ਪੁਲੀਸ ਨਾਲ ਹੋਏ ਮੁਕਾਬਲੇ ਵਿੱਚ ਤਿੰਨ ਮਹਿਲਾ ਕਾਡਰਾਂ ਸਮੇਤ ਚਾਰ ਨਕਸਲੀ ਮਾਰੇ ਗਏ। ਇਨ੍ਹਾਂ ਵਿਚੋਂ ਇਕ ਮਹਿਲਾ ਮਾਓਵਾਦੀ ਕਮਾਂਡਰ ਆਸ਼ਾ ਦੇ ਸਿਰ ’ਤੇ 14 ਲੱਖ ਰੁਪਏ ਦਾ ਇਨਾਮ ਸੀ। ਵਧੀਕ ਪੁਲੀਸ ਸੁਪਰਡੈਂਟ ਵਿਜੈ ਡਾਬਰ ਨੇ ਕਿਹਾ ਕਿ ਜੰਗਲ ਖੇਤਰ ਵਿਚ ਹੋਏ ਆਪਰੇਸ਼ਨ ਵਿਚ ਸੂਬਾਈ ਪੁਲੀਸ ਦੀ ਨਕਸਲ ਵਿਰੋਧੀ ਹਾਕ ਫੋਰਸ ਅਤੇ ਸਥਾਨਕ ਪੁਲੀਸ ਟੀਮਾਂ ਨੇ ਹਿੱਸਾ ਲਿਆ।

## ਪੰਜਾਬ ਵਿੱਚ ਕਾਨੂੰਨ ਵਿਵਸਥਾ ਦਾ ਬੂਰਾ ਹਾਲ ਕੁਲੇਵਾਲ ਪਿੰਡ ਚ ਦਹਿਸ਼ਤ

ਬਲਾਚੌਰ, ਲੋਕ ਬਾਣੀ --ਪੰਜਾਬ ਵਿੱਚ ਆਪ ਸਰਕਾਰ ਆਉਣ ਤੋ ਬਾਅਦ ਕਾਨੂੰਨ ਵਿਵਸਥਾ ਦਾ ਬੂਰਾ ਹਾਲ ਹੈ ਰੋਜ਼ ਗੋਲੀਆਂ ਗੈਗਵਾਰ ਫਿਰੋਤੀ ਨਸ਼ਾ ਭ੍ਰਿਸ਼ਟਾਚਾਰ ਦੀਆਂ ਖਬਰਾਂ ਸਾਹਮਣੇ ਆ ਰਹਿਆ ਹਨ ਪਰ ਇਸ ਵੇਲੇ ਦੀ ਵੱਡੀ ਖਬਰ ਜ਼ਿਲ੍ਹਾ ਨਵਾਂਸ਼ਹਿਰ ਦੇ ਕਸਬਾ ਬਲਾਚੌਰ ਦੇ ਪਿੰਡ ਖ਼ਾਨਪੁਰ ਕੁਲੇਵਾਲ ਦੀ ਆ ਰਹੀ ਹੈ ਜਿਥੇ ਬਿਤੀ ਰਾਤ ਪਿੰਡ ਚ ਵੜਦੇ ਹੀ ਪੈਂਦੇ ਘਰ ਵਿੱਚ ਅਗਿਆਤ ਨੌਜਵਾਨਾ ਨੇ ਹਥਿਆਰਾ ਨਾਲ ਘਰ ਤੇ ਧਾਵਾ ਬੋਲ ਦਿੱਤਾ ਤੇ ਘਰ ਦੇ ਬਰਾਂਡੇ ਵਿੱਚ ਪਏ ਵਾਹਨ ਤੇ ਸਮਾਨ ਦੀ ਤੋੜਭੰਨ ਕੀਤੀ ਤੇ ਹਥਿਆਰ ਲਹਿਰਾਉਂਦੇ ਹੋਏ ਲਲਕਾਰੇ ਮਾਰਦੇ ਚੱਲੇਂ ਗਏ








ਪੱਤਰਕਾਰਾਂ ਲਈ ਸੁਨਹਿਰਾ ਮੌਕਾ

ਪੰਜਾਬ ਦੇ ਹਰ ਜਿਲੇ ਤੋਂ ਰੋਜ਼ਾਨਾ ਲੋਕ ਬਾਣੀ ਅਖਬਾਰ ਲਈ ਪੱਤਰਕਾਰਾ ਦੀ ਲੋੜ ਹੈ ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫਤਰ

ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਕ ਜਲੰਧਰ 9915594111

# DC ਸਸਪੈਂਡ ਕਰਨ ਤੋਂ ਬਾਅਦ ਪੰਜਾਬ ਸਰਕਾਰ ਨੇ ਪ੍ਰੈਸ ਨੋਟ ਕੀਤਾ ਜਾਰੀ




ਚੰਡੀਗੜ੍ਹ,(ਲੋਕ ਬਾਣੀ) ਪੰਜਾਬ ਵਿੱਚ ਭ੍ਰਿਸ਼ਟ ਅਧਿਕਾਰੀਆਂ ਵਿਰੁੱਧ ਵੱਡੀ ਕਾਰਵਾਈ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨੇ ਵੱਢੀਖੋਰੀ ਦੀਆਂ ਸ਼ਿਕਾਇਤਾਂ ਮਿਲਣ ਮਗਰੋਂ ਸ੍ਰੀ ਮੁਕਤਸਰ ਸਾਹਿਬ ਦੇ ਡਿਪਟੀ ਕਮਿਸ਼ਨਰ ਨੂੰ ਅਹੁਦੇ ਤੋਂ ਹਟਾ ਦਿੱਤਾ ਅਤੇ ਮੁਅੱਤਲ ਕਰ ਦਿੱਤਾ ਹੈ।

ਮੁੱਖ ਮੰਤਰੀ ਦਫ਼ਤਰ ਦੇ ਬੁਲਾਰੇ ਨੇ ਅੱਜ ਇੱਥੇ ਦੱਸਿਆ ਕਿ ਮੁੱਖ ਮੰਤਰੀ ਦੀ ਭ੍ਰਿਸ਼ਟਾਚਾਰ ਨਾਲ ਕਤਈ ਲਿਹਾਜ਼ ਨਾ ਵਰਤਣ ਦੀ ਨੀਤੀ ਅਨੁਸਾਰ ਸੂਬਾ ਸਰਕਾਰ ਨੇ ਹਾਲ ਹੀ ਵਿੱਚ ਸਾਰੇ ਅਧਿਕਾਰੀਆਂ ਨੂੰ ਵਿਸਤਾਰ ਨਾਲ ਹਦਾਇਤਾਂ ਜਾਰੀ ਕੀਤੀਆਂ ਸਨ। ਇਨ੍ਹਾਂ ਹਦਾਇਤਾਂ ਮੁਤਾਬਕ ਪੰਜਾਬ ਸਰਕਾਰ ਨੇ ਅਧਿਕਾਰੀਆਂ ਨੂੰ ਹੋਰ ਜ਼ਿਆਦਾ ਜਵਾਬਦੇਹ ਤੇ ਕਾਰਜ ਕੁਸ਼ਲ ਬਣਾਉਣ ਲਈ ਹਰੇਕ ਡਿਪਟੀ ਕਮਿਸ਼ਨਰ, ਐਸ.ਐਸ.ਪੀ., ਐਸ. ਡੀ.ਐਮ., ਤਹਿਸੀਲਦਾਰ, ਨਾਇਬ ਤਹਿਸੀਲਦਾਰ, ਐਸ.ਪੀ., ਡੀ.ਐਸ. ਪੀ., ਐਸ.ਐਚ.ਓ. ਅਤੇ ਹੋਰ ਫੀਲਡ ਅਧਿਕਾਰੀਆਂ/ਮੁਲਾਜ਼ਮਾਂ ਬਾਰੇ ਨਾ ਸਿਰਫ਼ ਆਮ ਲੋਕਾਂ ਤੋਂ, ਸਗੋਂ ਚੁਣੇ ਹੋਏ ਨੁਮਾਇੰਦਿਆਂ ਸੰਸਦ ਮੈਂਬਰਾਂ ਅਤੇ ਵਿਧਾਇਕਾਂ ਤੋਂ ਫੀਡਬੈਕ ਵੀ ਲਿਆ ਜਾਵੇਗਾ। ਇਹ ਆਦੇਸ਼ ਵੀ ਦਿੱਤੇ ਗਏ ਸਨ ਕਿ ਫੀਡਬੈਕ ਮੁਤਾਬਕ ਅਫਸਰਾਂ ਲਈ ਆਪਣੇ-ਆਪ ਇਨਾਮ ਅਤੇ ਸਜ਼ਾਵਾਂ ਤੈਅ ਹੋਣਗੀਆਂ।

ਇਸੇ ਤਰ੍ਹਾਂ ਲੋਕਾਂ ਦੇ ਫੀਡਬੈਕ ਦੇ ਆਧਾਰ ਤੇ ਸੂਬਾ ਸਰਕਾਰ ਨੇ ਡਿਪਟੀ ਕਮਿਸ਼ਨਰ ਸ੍ਰੀ ਮੁਕਤਸਰ ਸਾਹਿਬ ਵਿਰੁੱਧ ਸਖ਼ਤ ਕਾਰਵਾਈ ਕੀਤੀ ਹੈ। ਸੂਬਾ ਸਰਕਾਰ ਨੂੰ ਡਿਪਟੀ ਕਮਿਸ਼ਨਰ ਖ਼ਿਲਾਫ਼ ਭ੍ਰਿਸ਼ਟਾਚਾਰ ਦੀਆਂ ਗੰਭੀਰ ਸ਼ਿਕਾਇਤਾਂ ਮਿਲੀਆਂ ਸਨ, ਜਿਸ ਤੋਂ ਬਾਅਦ ਅਧਿਕਾਰੀ ਖ਼ਿਲਾਫ਼ ਡੂੰਘਾਈ ਨਾਲ ਜਾਂਚ ਕੀਤੀ ਗਈ। ਮੁੱਢਲੀ ਜਾਂਚ ਦੇ ਆਧਾਰ ਤੇ ਸੂਬਾ ਸਰਕਾਰ ਨੇ ਡਿਪਟੀ ਕਮਿਸ਼ਨਰ ਸ੍ਰੀ ਮੁਕਤਸਰ ਸਾਹਿਬ ਨੂੰ ਤੁਰੰਤ ਪ੍ਰਭਾਵ ਨਾਲ ਮੁਅੱਤਲ ਕਰ ਦਿੱਤਾ ਹੈ। ਡਿਪਟੀ ਕਮਿਸ਼ਨਰ ਨੂੰ ਉਨ੍ਹਾਂ ਦੇ ਅਹੁਦੇ ਤੋਂ ਹਟਾ ਦਿੱਤਾ ਗਿਆ ਹੈ ਅਤੇ ਉਨ੍ਹਾਂ ਖ਼ਿਲਾਫ਼ ਵਿਜੀਲੈਂਸ ਜਾਂਚ ਦਾ ਹੁਕਮ ਦੇ ਦਿੱਤਾ ਗਿਆ ਹੈ। ਇਹ ਜਨਤਕ ਸੇਵਾਵਾਂ ਪ੍ਰਦਾਨ ਕਰਨ ਵਿੱਚ ਪੂਰੀ ਪਾਰਦਰਸ਼ਤਾ, ਜਵਾਬਦੇਹੀ ਅਤੇ ਇਮਾਨਦਾਰੀ ਨੂੰ ਯਕੀਨੀ ਬਣਾਉਣ ਲਈ ਪੰਜਾਬ ਸਰਕਾਰ ਦੀ ਅਟੁੱਟ ਵਚਨਬੱਧਤਾ ਨੂੰ ਦਰਸਾਉਂਦਾ ਹੈ। ਭ੍ਰਿਸ਼ਟ ਅਮਲ, ਜਨਤਕ ਵਿਸ਼ਵਾਸ ਨੂੰ ਕਮਜ਼ੋਰ ਕਰਦੇ ਹਨ ਤੇ ਸੰਸਥਾਵਾਂ ਦੀ ਭਰੋਸੇਯੋਗਤਾ ਨੂੰ ਖੋਰਾ ਲਾਉਂਦੇ ਹਨ ਅਤੇ ਰਾਸ਼ਟਰੀ ਵਿਕਾਸ ਵਿੱਚ ਰੁਕਾਵਟ ਪਾਉਂਦੇ ਹਨ, ਇਸ ਲਈ ਇਸ ਖ਼ਤਰੇ ਨਾਲ ਸਿੱਝਣ ਨੂੰ ਮੁੱਖ ਤਰਜੀਹ ਦਿੱਤੀ ਜਾ ਰਹੀ ਹੈ।

# ਰਜਿੰਦਰਾ ਹਸਪਤਾਲ ਵਿੱਚ ਲਾਈਟ ਜਾਣ ਦੇ ਮਾਮਲੇ ਵਿੱਚ ਹਾਈ ਕੋਰਟ ਨੇ ਤਕਨੀਕ ਉਤੇ ਖੜ੍ਹੇ ਕੀਤੇ ਸਵਾਲ




(ਲੋਕ ਬਾਣੀ) ਪਟਿਆਲਾ ਦੇ ਰਜਿੰਦਰਾ ਹਸਪਤਾਲ ਵਿੱਚ ਆਪਰੇਸ਼ਨ ਦੌਰਾਨ ਲਾਈਟ ਬੰਦ ਹੋਣ ਦੇ ਮਾਮਲੇ ਵਿੱਚ ਟੀਮ ਵੱਲੋਂ ਜਾਂਚ ਰਿਪੋਰਟ ਦਾਖ਼ਲ ਕਰ ਦਿੱਤੀ ਗਈ ਹੈ। ਜਾਂਚ ਰਿਪੋਰਟ ਵਿੱਚ ਕਈ ਵੱਡੇ ਖੁਲਾਸੇ ਹੋਏ ਹਨ। 24 ਜਨਵਰੀ 2025 ਨੂੰ ਸਵੇਰੇ 11:44 ਮਿੰਟ ਉਤੇ ਬਿਜਲੀ ਗਈ ਜੋ 13 ਮਿੰਟ ਬਾਅਦ 11:57 ਮਿੰਟ ਉਤੇ ਆਈ ਅਤੇ 11:46 ਮਿੰਟ ਉਤੇ ਮੈਨੁਅਲ ਤੌਰ ਉਤੇ ਬੈਕਅੱਪ ਨੇ ਕੰਮ ਸ਼ੁਰੂ ਕੀਤਾ ਸੀ। ਹਸਪਤਾਲ ਅੰਦਰ ਰੈਗੂਲਰ ਸਪਲਾਈ ਤੋਂ ਡੀਜੀ ਸੈਟ ਤੇ ਬਿਜਲੀ ਨੂੰ ਬਦਲਣ ਲਈ ਆਟੋਮੈਟਿਕ ਨਹੀਂ ਮੈਨੁਅਲ ਤਕਨੀਕ ਦਾ ਇਸਤੇਮਾਲ ਕੀਤਾ ਜਾ ਰਿਹਾ ਹੈ। ਹਾਈਕੋਰਟ ਨੇ ਹੈਰਾਨੀ ਪ੍ਰਗਟ ਕੀਤੀ ਕਿ 13 ਮਿੰਟ ਤੱਕ ਲਾਈਟ ਬੰਦ ਰਹੀ ਅਤੇ ਦੋ ਮਿੰਟ ਪਾਵਰ ਬੈਕ ਅਪ ਲਈ ਲੱਗੇ ਜਿੱਥੇ ਇੱਕ ਸਕਿੰਟ ਵੀ ਬਿਜਲੀ ਨਹੀਂ ਜਾਣੀ ਚਾਹੀਦੀ ਉੱਥੇ ਆਟੋਮੈਟਿਕ ਦੀ ਜਗ੍ਹਾ ਮੈਨੂੰਅਲ ਤਕਨੀਕ ਦਾ ਇਸਤੇਮਾਲ ਕੀਤਾ ਜਾ ਰਿਹਾ ਹੈ। ਹਾਈ ਕੋਰਟ ਨੇ ਨਰਾਜ਼ਗੀ ਪ੍ਰਗਟਾਉਂਦੇ ਹੋਏ ਕਿਹਾ ਕਿਮੈਨੁਅਲ ਦੀ ਜਗ੍ਹਾ ਆਟੋਮੈਟਿਕ ਸਵਿਚ ਓਵਰ ਕਰਨ ਦੀ ਤਕਨੀਕ ਦਾ ਇਸਤੇਮਾਲ ਕਿਉਂ ਨਹੀਂ ਕੀਤਾ ਜਾ ਰਿਹਾ ਹੈ। ਪੰਜਾਬ ਦੇ ਮੁੱਖ ਸਕੱਤਰ ਤੋਂ ਜਵਾਬ ਮੰਗਿਆ ਗਿਆ ਹੈ ਕਿ ਕਿਉਂ ਨਹੀਂ ਇਸ ਤਕਨੀਕ ਦੀ ਕੀਤੀ ਜਾ ਰਹੀ ਵਰਤੋਂ। 25 ਫਰਵਰੀ ਨੂੰ ਮਾਮਲੇ ਦੀ

# ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦਾ ਅਸਤੀਫਾ ਦੇਣ ਤੋਂ ਸਪੱਸ਼ਟ ਹੋ ਗਿਆ ਕਿ ਸਿਧਾਂਤਕ ਅਗੂਆਂ ਨੂੰ ਪਾਰਟੀ ਵਿਚ ਕੀਤਾ ਜਾ ਰਿਹਾ ਦਰਕਿਨਾਰੇ: ਪ੍ਰੋ. ਚੰਦੂਮਾਜਰਾ

ਪਟਿਆਲਾ,(ਲੋਕ ਬਾਣੀ):ਸ਼੍ਰੋਮਣੀ ਅਕਾਲੀ ਦਲ ਸੁਧਾਰ ਲਹਿਰ ਦੇ ਆਗੂ ਅਤੇ ਸਾਬਕਾ ਮੈਂਬਰ ਪਾਰਲੀਮੈਂਟ ਪ੍ਰੋ. ਪ੍ਰੇਮ ਸਿੰਘ ਚੰਦੂਮਾਜਰਾ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵਰਗੇ ਆਗੂਆਂ ਨੂੰ ਅਸਤੀਫਾ ਦੇਣ ਲਈ ਮਜਬੂਰ ਹੋਣਾ ਇਸ ਗੱਲ ਦਾ ਸੰਕੇਤ ਹੈ ਕਿ ਪਾਰਟੀ ਵਿਚ ਜਿਹੜੇ ਵੀ ਸਿਧਾਂਤਕ ਆਗੂ ਹਨ ਉਹਨਾਂ ਨੂੰ ਕਿਵੇਂ ਤੰਗ ਪਰੇਸ਼ਾਨ ਕੀਤਾ ਜਾ ਰਿਹਾ ਅਤੇ ਇਹ ਵੀ ਸਾਫ ਕਰ ਦਿੱਤਾ ਹੈ ਕਿ ਜਿਹੜਾ ਵੀ ਆਗੂ ਪਾਰਟੀ ਵਿਚ ਪੰਥ ਵਿਰੋਧੀ ਫੈਸਲੇ ਲੈਣ ਤੋਂ ਰੋਕਦਾ ਹੈ, ਉਸ ਨੂੰ ਦਰਕਿਨਾਰੇ ਕਰ ਦਿੱਤਾ ਜਾਂਦਾ ਹੈ। ਜਥੇਦਾਰ ਸਾਹਿਬਾਨ ਤੋਂ ਲੈ ਕੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਜਿਸ ਨੇ ਵੀ ਪੰਥਕ ਸਿਧਾਂਤ ਲਈ ਪੰਥਕ ਸੰਸਥਾਵਾਂ ਦੀ ਪਹਿਰੇਦਾਰੀ ਦੇ ਹੱਕ ਵਿਚ ਅਵਾਜ਼ ਉਸ ਨੂੰ ਦਰ ਕਿਨਾਰੇ ਕਰ ਦਿੱਤਾ ਗਿਆ ਹੈ। ਪ੍ਰੋ. ਚੰਦੂਮਾਜਰਾ ਨੇ ਕਿਹਾ ਕਿ ਸ੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਜਿਹੜੀ ਪੰਥ ਦੀ ਮਰਿਆਦਾ ਸਿਧਾਂਤ ਤੇ ਪਰੰਪਰਾਵਾਂ ਤੇ ਮਾਨਤਾਵਾਂ ਦੀ ਪਹਿਰੇਦਾਰੀ ਕਰਦੀ ਹੈ। ਇਥੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਨੇ ਯਤਨ ਕੀਤਾ ਕਿ ਉਹ ਪੰਥਕ ਸਿਧਾਂਤਾ 'ਤੇ ਪਹਿਰਾ ਦੇਣ ਪਰ ਪਾਰਟੀ ਦੇ ਕੁਝ ਲੋਕਾਂ ਨੇ ਉਨ੍ਹਾਂ ਨੂੰ ਤੰਗ ਪਰੇਸ਼ਾਨ ਕੀਤਾ ਅਤੇ ਆਖਰ ਵਿਚ ਮਜਬੂਰ ਹੋ ਕੇ ਉਨ੍ਹਾਂ ਨੂੰ ਵੀ ਅਸਤੀਫਾ ਦੇਣਾ ਪਿਆ। ਇਸ ਦਾ ਅਰਥ ਹੈ ਕਿ ਉਨ੍ਹਾਂ ਨੂੰ ਸਿਧਾਂਤਹੀਣ ਕੰਮ ਲਈ ਅਤੇ ਸਿਧਾਂਤਹੀਣ ਗੱਲਾਂ ਤੇ ਮਰਿਆਦਾ ਤੋਂ ਉਲਟ ਗੱਲਾਂ ਕਰਨ ਲਈ ਮਜਬੂਰ ਕੀਤਾ ਜਾ ਰਿਹਾ ਸੀ। ਪ੍ਰੋ. ਚੰਦੂਮਾਜਰਾ ਨੇ ਕਿਹਾ ਕਿ ਅਜਿਹੇ ਵਿਚ ਪੰਥ ਨੂੰ, ਪੰਜਾਬ ਨੂੰ, ਪੰਥ ਹਿਤੈਸ਼ੀਆਂ ਨੂੰ ਜਾਗਣ ਦੀ, ਸੁਚੇਤ ਹੋਣ ਦੀ ਅਤੇ ਲਾਮਬੰਦ ਹੋਣ ਦੀ ਲੋੜ ਹੈ ਤਾਂ ਕਿ ਇੱਕ ਜੁਟ ਹੋ ਕੇ ਗਿਆਨੀ ਹਰਪ੍ਰੀਤ ਸਿੰਘ ਹੋਰਾਂ ਨੇ ਜਿਹੜਾ ਘੱਟੋ ਘੱਟ ਪ੍ਰੋਗਰਾਮ ਤੇ ਕੌਮ ਦੇ ਰਹਿਬਰਾਂ, ਕੌਮ ਦੇ ਆਗੂਆਂ, ਕੌਮ ਦੀ ਅਗਵਾਈ ਕਰਨ ਵਾਲੀਆਂ ਸੰਸਥਾਵਾਂ ਦੇ ਮੁਖੀਆਂ ਨੂੰ ਇੱਕ ਅਪੀਲ ਕੀਤੀ ਸੀ ਕਿ ਰਾਜਸੀ ਏਜੰਡੇ ਅਲੱਗ-ਅਲੱਗ ਰੱਖ ਕੇ ਘੱਟੋ ਘੱਟ ਪ੍ਰੋਗਰਾਮ ਤੇ ਧਾਰਮਿਕ ਪਰੰਪਰਾਵਾਂ, ਮਰਿਆਦਾ ਤੇ ਮਾਨਤਾਵਾਂ ਦੇ ਅਧਾਰ 'ਤੇ ਇਕੱਠਾ ਹੋਣਾ ਚਾਹੀਦਾ ਹੈ ਬਾਰੇ ਗੰਭੀਰਤਾ ਨਾਲ ਵਿਚਾਰ ਕਰਨਾ ਚਾਹੀਦਾ ਹੈ। ਉਨ੍ਹਾਂ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੂੰ ਵੀ ਅਪੀਲ ਕੀਤੀ ਕਿ ਉਹ ਆਪਣਾ ਅਸਤੀਫਾ ਵਾਪਸ ਲੈਣ ਅਤੇ ਅਸਤੀਫਾ ਦੇਣ ਦੀ ਥਾਂ 'ਤੇ ਸਿਧਾਂਤਹੀਣ ਲੋਕਾਂ ਨਾਲ ਜੰਗ ਲੜਨ, ਤਾਂ ਕਿ ਸਿਧਾਂਤਹੀਣ ਲੋਕਾਂ ਨੂੰ ਲਾਂਭੇ ਕੀਤਾ ਜਾ ਸਕੇ ਅਤੇ ਉਨ੍ਹਾਂ ਨੂੰ ਹੋਰ ਮਨਮਰਜੀਆਂ ਕਰਨ ਤੋਂ ਰੋਕਿਆ ਜਾ ਸਕੇ।



ਪ੍ਰੋ. ਚੰਦੂਮਾਜਰਾ ਨੇ ਕਿਹਾਕਿ ਜਿਸ ਤਰ੍ਹਾਂ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਜਿਹੜੇ ਹਲਾਤਾਂ ਵਿਚ ਅਸਤੀਫਾ ਦਿੱਤਾ ਉਸ ਤੋਂ ਸਾਫ ਹੋ ਗਿਆ ਹੈ ਕਿ ਪਾਰਟੀ ਵਿਚ ਸਿਧਾਂਤਕ ਆਗੂਆਂ ਨੂੰ ਕਿਸ ਤਰ੍ਹਾਂ ਤੰਗ ਪਰੇਸ਼ਾਨ ਕੀਤਾ ਜਾ ਰਿਹਾ ਹੈ। ਜਿਸ ਤੋਂ ਲਗਦਾ ਹੈ ਕਿ ਜਿਹੜੀ ਸੱਤ ਮੈਂਬਰੀ ਕਮੇਟੀ ਭਰਤੀ ਲਈ ਬਣਾਈ ਗਈ ਸੀ ਉਹ ਵੀ ਖਾਰਜ ਹੋ ਜਾਵੇਗੀ। ਉਹ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੂੰ ਅਪੀਲ ਕੀਤੀ ਕਿ ਉਨ੍ਹਾਂ ਨੂੰ ਅਸਤੀਫਾ ਵਾਪਸ ਲੈਣਾ ਚਾਹੀਦਾ ਹੈ ਅਤੇ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਸਹਿਬ ਜੀ ਦੇ ਆਦੇਸ਼ਾਂ 'ਤੇ ਬਣਾਈ ਸੱਤ ਮੈਂਬਰੀ ਕਮੇਟੀ ਦੇ ਮੈਂਬਰਾਂ ਨਾਲ ਮਿਲ ਕੇ ਭਰਤੀ ਕਰਨੀ ਚਾਹੀਦੀ ਹੈ। ਇਸ ਦੇ ਲਈ 18 ਫਰਵਰੀ ਨੂੰ ਹੋਣ ਵਾਲੀ ਮੀਟਿੰਗ ਵਿਚ ਸਾਰੇ ਮੈਂਬਰਾਂ ਨੂੰ ਪਹੁੰਚ ਕੇ ਭਰਤੀ ਸ਼ੁਰੂ ਕਰਨ ਦਾ ਐਲਾਨ ਕਰਨਾ ਚਾਹੀਦਾ ਹੈ। ਤਾਂ ਕਿ ਖਾਲਸਾ ਪੰਥ ਦੀ ਨੁਮਾਇੰਦਾ ਜਥੇਬੰਦੀ ਸ਼੍ਰੋਮਣੀ ਅਕਾਲੀ ਦਲ ਦੀ ਮੁੜ ਸੁਰਜੀਤੀ ਲਈ ਸ੍ਰੀ ਅਕਾਲ ਤਖਤ ਸਾਹਿਬ ਵੱਲੋਂ ਦਿੱਤੇ ਆਦੇਸ਼ ਮੁਤਾਬਕ ਖਿੰਡੀ ਹੋਈ ਪੰਥਕ ਸ਼ਕਤੀ ਇੱਕ ਕੀਤਾ ਜਾ ਸਕੇ। ਇਸ ਮੌਕੇ ਸਾਬਕਾ ਵਿਧਾਇਕ ਹਰਿੰਦਰਪਾਲ ਸਿੰਘ ਚੰਦੂਮਾਜਰਾ, ਸਾਬਕਾ ਚੇਅਰਮੈਨ ਰਣਧੀਰ ਸਿੰਘ ਰੱਖੜਾ, ਸ਼੍ਰੋਮਣੀ ਕਮੇਟੀ ਮੈਂਬਰ ਜਰਨੈਲ ਸਿੰਘ ਕਰਤਾਰਪੁਰ, ਭੁਪਿੰਦਰ ਸਿੰਘ ਸ਼ੇਖੂਪੁਰ, ਸਤਗੁਰੂ ਸਿੰਘ ਪ੍ਰਧਾਨ ਖਨੌਰੀ, ਸਿਆਸੀ ਸਲਾਹਕਾਰ ਜਗਜੀਤ ਸਿੰਘ ਕੋਹਲੀ, ਕੈਪਟਨ ਖੁਸ਼ਵੰਤ ਸਿੰਘ, ਜਸਵਿੰਦਰ ਸਿੰਘ ਚੱਢਾ, ਕੁਲਵਿੰਦਰ ਸਿੰਘ ਭੂਨਰਹੇੜੀ ਆਦਿ ਵਿਸ਼ੇਸ਼ ਤੌਰ 'ਤੇ ਹਾਜਰ।

# ਫ਼ਰੀਦਕੋਟ ਚ ਵਾਪਰੇ ਬਸ ਹਾਦਸੇ ਵਿੱਚ 5 ਲੋਕਾਂ ਦੀ ਹੋਈ ਮੌਤ, ਕਈ ਜ਼ਖ਼ਮੀ



ਫਰੀਦਕੋਟ- (ਲੋਕ ਬਾਣੀ) ਪੰਜਾਬ ਦੇ ਫਰੀਦਕੋਟ ਵਿੱਚ ਇੱਕ ਨਿੱਜੀ ਬੱਸ ਇੱਕ ਟਰੱਕ ਨਾਲ ਟਕਰਾਉਣ ਤੋਂ ਬਾਅਦ ਰੇਲਿੰਗ ਤੋੜ ਕੇ ਨਾਲੇ ਵਿੱਚ ਡਿੱਗ ਗਈ। ਇਸ ਹਾਦਸੇ ਚ 5 ਲੋਕਾਂ ਦੀ ਮੌਤ ਹੋ ਗਈ, ਜਦਕਿ ਕਈ ਲੋਕ ਜ਼ਖਮੀ ਹੋ ਗਏ। ਜ਼ਖਮੀਆਂ ਨੂੰ ਇਲਾਜ ਲਈ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਫਰੀਦਕੋਟ ਵਿਖੇ ਦਾਖਲ ਕਰਵਾਇਆ ਗਿਆ ਹੈ। ਇਹ ਘਟਨਾ ਮੰਗਲਵਾਰ ਸਵੇਰੇ ਕੋਟਕਪੂਰਾ ਰੋਡ ਤੇ ਵਾਪਰੀ। ਨਿਊ ਦੀਪ ਕੰਪਨੀ ਦੀ ਇਹ ਬੱਸ ਕੋਟਕਪੂਰਾ ਤੋਂ ਫਰੀਦਕੋਟ ਆ ਰਹੀ ਸੀ। ਹਾਦਸੇ ਦੀ ਸੂਚਨਾ ਮਿਲਦੇ ਹੀ ਡੀਸੀ ਵਿਨੀਤ ਕੁਮਾਰ ਅਤੇ ਪੁਲਿਸ ਅਧਿਕਾਰੀ ਮੌਕੇ 'ਤੇ ਪੁੱਜੇ। ਇਸ ਤੋਂ ਬਾਅਦ ਬਚਾਅ ਕਾਰਜ ਸ਼ੁਰੂ ਕੀਤਾ ਗਿਆ।

# ਅਨੁਸੂਚਿਤ ਜਾਤੀਆਂ, ਕਬੀਲਿਆਂ, ਹੋਰ ਪੱਛੜੀਆਂ ਸ਼੍ਰੇਣੀਆਂ, ਘੱਟ ਗਿਣਤੀ ਭਾਈਚਾਰਿਆਂ ਆਦਿ ਦੀਆਂ ਵਿਦਿਆਰਥਣਾਂ ਲਈ ਸਿੱਖਿਆ ਦਾ ਚਾਨਣ ਮੁਨਾਰਾ ਬਣ ਕੇ ਉਭਰਿਆ ਭੋਗੀਵਾਲ ਦਾ ਹੋਸਟਲ

ਮਾਲੇਰਕੋਟਲਾ :(ਕਿੱਮੀ ਅਰੋੜਾ,ਅਸਲਮ. ਨਾਅਸ) ਅਨੁਸੂਚਿਤ ਜਾਤੀਆਂ, ਅਨੁਸੂਚਿਤ ਕਬੀਲਿਆਂ, ਹੋਰ ਪੱਛੜੀਆਂ ਸ਼੍ਰੇਣੀਆਂ, ਘੱਟ ਗਿਣਤੀ ਭਾਈਚਾਰਿਆਂ ,ਸਿੰਗਲ ਗਰਲਜ਼ ਵਿਦਿਆਰਥਣਾ,ਅਨਾਥ ਲੜਕੀਆਂ, ਗ਼ਰੀਬੀ ਰੇਖਾ ਤੋਂ ਹੇਠਾਂ ਰਹਿਣ ਵਾਲੇ ਪਰਿਵਾਰਾਂ ਦੀਆਂ ਲੜਕੀਆਂ ਨੂੰ ਰਿਹਾਇਸ਼ੀ ਸਕੂਲਾਂ ਵਿਖੇ ਅਤੀ ਆਧੁਨਿਕ ਵਿੱਦਿਅਕ ਸਹੂਲਤਾਂ ਪ੍ਰਦਾਨ ਕਰਨ ਲਈ ਜ਼ਿਲ੍ਹੇ ਵਿੱਚ ਕਸਤੂਰਬਾ ਬਾਈ ਗਾਂਧੀ ਬਾਲਿਕਾ ਵਿਦਿਆਲਿਆ ਯੋਜਨਾ ਤਹਿਤ ਪੀ ਐੱਮ ਸ਼੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਭੋਗੀਵਾਲ ਵਿਖੇ ਰਿਹਾਇਸ਼ੀ ਸਕੂਲ ਦੀ ਸੁਵਿਧਾ ਮੁਹੱਈਆ ਕਰਵਾਈ ਜਾ ਰਹੀ ਹੈ। ਇਹ ਰਿਹਾਇਸ਼ੀ ਸਕੂਲ ਵਿਰਵੀਆਂ ਵਿਦਿਆਰਥਣਾਂ ਦੀ ਜ਼ਿੰਦਗੀ ਨੂੰ ਨਵੀਆਂ ਰਾਹਾਂ ਤੇ ਤੋਰ ਕੇ ਉਨ੍ਹਾਂ ਨੂੰ ਸਿੱਖਿਆ ਦੇ ਖੇਤਰ ਵਿਚ ਅੱਗੇ ਲਿਜਾਣ ਅਤੇ ਉਨ੍ਹਾਂ ਦੇ ਸੁਪਨੇ ਸਵਿਕਾਰ ਕਰਨ ਵਿਚ ਸਕੂਲ ਮਹੱਤਵਪੂਰਨ ਭੂਮਿਕਾ ਨਿਭਾ ਰਿਹਾ ਹੈ। ਇਸ ਗੱਲ ਦੀ ਜਾਣਕਾਰੀ ਦਿੰਦਿਆ ਡਿਪਟੀ ਕਮਿਸ਼ਨਰ ਡਾ ਪੱਲਵੀ ਨੇ ਦੱਸਿਆ ਕਿ ਮਾਲੇਰਕੋਟਲਾ ਸਬ ਡਵੀਜਨ ਅਧੀਨ ਆਉਂਦੇ ਪਿੰਡ ਭੋਗੀਵਾਲ ਵਿਖੇ ਚੱਲ ਰਿਹਾ ਹੋਸਟਲ ਲੜਕੀਆਂ ਦੇ ਸੁਨਹਿਰੇ ਭਵਿੱਖ ਲਈ ਰਾਹ ਦਸੇਰਾ ਬਣ ਕੇ ਉਭਰਿਆ ਹੈ। ਪਹਿਲਾਂ ਇੱਥੇ 6ਵੀਂ ਤੋਂ 8ਵੀਂ ਜਮਾਤ ਦੀਆਂ 100 ਵਿਦਿਆਰਥਣਾਂ ਲਈ ਹੋਸਟਲ 2009 ਤੋਂ ਚੱਲ ਰਿਹਾ ਸੀ ਪਰ ਹੁਣ 20 19 ਵਿੱਚ ਅਪਗਰੇਡ ਹੋਇਆ ਨਵਾਂ ਹੋਸਟਲ 9ਵੀਂ ਤੋਂ 12ਵੀਂ ਜਮਾਤ ਦੀਆਂ 100 ਹੋਰ ਸਕੂਲੋਂ ਵਿਰਵੀਆਂ ਵਿਦਿਆਰਥਣਾਂ ਨੂੰ ਉਚੀਆਂ ਉਡਾਣਾਂ ਭਰਨ ਦੇ ਕਾਬਿਲ ਬਣਾਉਣ ਵਿੱਚ ਅਹਿਮ ਭੂਮਿਕਾ ਨਿਭਾ ਰਿਹਾ ਹੈ। ਉਨ੍ਹਾਂ ਹੋਰ ਦੱਸਿਆ ਦੀ ਅਤੀ ਉੱਤਮ ਸਿੱਖਿਆ ਦਾ ਵਾਤਾਵਰਣ ਉਲੀਕਕੇ ਵਿਦਿਆਰਥਣਾਂ ਨੂੰ ਮੁਕਾਬਲੇ ਦੇ ਯੁੱਗ ਵਿੱਚ ਆਪਣੇ ਸੁਨਹਿਰੇ ਸੁਪਨੇ ਸਵਿਕਾਰ ਕਰਨ ਲਈ ਮਿਆਰੀ ਸਿੱਖਿਆਂ ਦੇ ਨਾਲ ਨਾਲ ਮੌਲਿਕ ,ਨੈਤਿਕ ਅਤੇ ਸਮਾਜਿਕ ਸਿੱਖਿਆ ਮੁਹੱਈਆ ਕਰਵਾਈ ਜਾ ਰਹੀ ਹੈ ਤਾਂ ਜੋ ਅੱਛੇ ਸਮਾਜ ਦੀ ਸਿਰਜਣਾ ਵਿੱਚ ਅਹਿਮ ਰੋਲ ਅਦਾ ਕਰ ਸਕਣ ।



ਪੀ ਐੱਮ ਸ਼੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਭੋਗੀਵਾਲ ਦੇ ਇੰਨਚਾਰਜ ਪ੍ਰਿੰਸੀਪਲ ਅਮਨਦੀਪ ਸਿੰਘ ਨੇ ਦੱਸਿਆ ਕਿ ਇਸ ਸਕੂਲ ਵਿਖੇ ਕਰੀਬ 1200 ਵਿਦਿਆਰਥੀ 06 ਤੋਂ 12ਵੀਂ ਤੱਕ ਦੀ ਵਿੱਦਿਆ ਹਾਸ਼ਲ ਕਰ ਰਹੇ ਹਨ। ਜਿਸ ਵਿਚੋਂ 06 ਤੋਂ 12 ਜਮਾਤ ਵਿੱਚ ਪੜ੍ਹਨ ਵਾਲੀਆਂ ਕਰੀਬ 200 ਵਿਦਿਆਰਥਣਾਂ ਇਸ ਸਕੀਮਾਂ ਤਹਿਤ ਸਕੂਲੀ ਸਿੱਖਿਆ ਦੇ ਨਾਲ ਨਾਲ ਹੋਸਟਲ ਵੀ ਸੁਵਿਧਾ ਲੈ ਰਹੀਆਂ ਹਨ। ਇਨ੍ਹਾਂ ਵਿਦਿਆਰਥਣਾਂ ਨੂੰ ਕਰੀਬ 02 ਲੱਖ 40 ਹਜ਼ਾਰ ਰੁਪਏ ਬਤੌਰ ਵਜੀਫਾ ਰਾਸ਼ੀ ਹਰ ਸਾਲ ਤਕਸੀਮ ਕੀਤੀ ਜਾਂਦੀ ਹੈ। ਇਸ ਤੋਂ ਇਲਾਵਾ ਹੋਸਟਲ ਵਿੱਚ ਪੜ੍ਹਦੀਆਂ ਵਿਦਿਆਰਥਣ ਦੀ ਸਹੂਲਤਾਂ ਲਈ ਸ਼ਾਮ ਵੇਲੇ ਵਿਸ਼ੇਸ਼ ਕਲਾਸਾਂ ਲੈ ਕੇ ਅਧਿਆਪਕਾਂ ਵੱਲੋਂ ਉਨ੍ਹਾਂ ਦੀ ਪੜਾਈ ਵਿੱਚ ਨਿਖਾਰ ਲਿਆਉਣ ਲਈ ਮਦਦ ਕੀਤੀ ਜਾਂਦੀ ਹੈ। ਇਸ ਤੋਂ ਇਲਾਵਾ ਸਮੇਂ ਦਾ ਹਾਣੀ ਬਣਾਉਣ ਲਈ ਕੰਪਿਊਟਰ ਕੋਰਸਾਂ ਦੇ ਨਾਲ ਨਾਲ ਕਿੱਤਾ ਮੁਖੀ ਕੋਰਸ ਜਿਵੇਂ ਸਲਾਈ ਕਢਾਈ ਆਦਿ ਵੀ ਕਰਵਾਏ ਜਾਂਦੇ ਹਨ । ਸਿਖਿਆਰਥਣਾਂ ਨੂੰ ਸਵੈ ਰੱਖਿਆ ਦੀ ਟਰੇਨਿੰਗ ਵੀ ਮੁਹੱਈਆ ਕਰਵਾਈ ਜਾਂਦੀ ਹੈ ਤਾਂ ਜੋ ਉਹ ਲੋੜ ਪੈਣ ਤੇ ਆਪਣੀ ਸੁਰੱਖਿਆ ਕਰ ਸਕਣ । ਉਨ੍ਹਾਂ ਦੱਸਿਆ ਕਿ ਇਸ ਰਿਹਾਇਸ਼ੀ ਸਕੂਲ ਵਿੱਚ ਦਾਖਲਾ ਲੈਣ ਦੀਆਂ ਚਾਹਵਾਨ ਵਿਦਿਆਰਥਣਾਂ ਮਹੀਨਾ ਫਰਵਰੀ ਦੌਰਾਨ ਆਪਣੀ ਰਜਿਸਟ੍ਰੇਸ਼ਨ ਫਾਰਮ ਭਰਕੇ ਸਕੂਲ ਵਿਖੇ ਜਮ੍ਹਾਂ ਕਰਵਾ ਸਕਦੀਆਂ ਹਨ । ਉਨ੍ਹਾਂ ਹੋਰ ਦੱਸਿਆ ਕਿ ਐਸ.ਸੀ.,ਐਸ. ਟੀ.,ਓ.ਬੀ.ਸੀ.,ਘੱਟ-ਗਿਣਤੀ ਸਮੁਦਾਇਆਂ ਨਾਲ ਸਬੰਧਿਤ ਲੜਕੀਆਂ ਲਈ 75 ਫ਼ੀਸਦੀ ਸੀਟਾਂ ਰਾਖਵੀਆਂ ਹਨ ਅਤੇ ਬਾਕੀ 25 ਫ਼ੀਸਦੀ ਸੀਟਾਂ ਗ਼ਰੀਬੀ ਰੇਖਾਂ ਤੋਂ ਹੇਠਾਂ ਪਰਿਵਾਰਾਂ,ਸਿੰਗਲ ਮਦਰ,ਸਿੰਗਲ ਗਰਲਜ ਲਈ ਅਲਾਟ ਕੀਤੀਆਂ ਜਾਂਦੀਆਂ ਹਨ ।

# ਅਮਰ ਸ਼ਹੀਦ ਬਾਬਾ ਮੋਤੀ ਰਾਮ ਮਹਿਰਾ ਦੇ ਸ਼ਹੀਦੀ ਸਮਾਗਮ ਸਬੰਧੀ ਪ੍ਰਚਾਰ ਸਮੱਗਰੀ ਜਾਰੀ



ਲੁਧਿਆਣਾ( ਸੁਖਚੈਨ ਮਹਿਰਾ)ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਲਾਲਾਂ ਅਤੇ ਮਾਤਾ ਗੁਜਰ ਕੌਰ ਜੀ ਨੂੰ ਸੂਬਾ ਸਰਹਿੰਦ ਦੀ ਕੈਦ ਸਮੇਂ ਦੁੱਧ ਛਕਾਉਣ ਵਾਲੇ ਅਮਰ ਸ਼ਹੀਦ ਬਾਬਾ ਮੋਤੀ ਰਾਮ ਮਹਿਰਾ ਜੀ ਦਾ ਸਾਲਾਨਾ 21ਵਾਂ ਸ਼ਹੀਦੀ ਸਮਾਗਮ ਕਸ਼ਯਪ ਰਾਜਪੂਤ ਸੋਸ਼ਲ ਵੈੱਲਫੇਅਰ ਸੁਸਾਇਟੀ ਵਲੋਂ ਮੁੱਖ ਦਫ਼ਤਰ ਸ਼ਹੀਦ ਮੋਤੀ ਰਾਮ ਮਹਿਰਾ ਮੈਮੋਰੀਅਲ ਹਾਈ ਸਕੂਲ ਢਿੱਲੋਂ ਨਗਰ ਲੁਹਾਰਾ ਵਿਖੇ ਵੱਡੇ ਪੱਧਰ ਤੇ ਮਨਾਉਣ ਲਈ ਪ੍ਰਚਾਰ ਸਮੱਗਰੀ ਜਾਰੀ ਕਰਨ ਸਬੰਧੀ ਅਹਿਮ ਮੀਟਿੰਗ ਚੇਅਰਮੈਨ ਨਿਰਮਲ ਸਿੰਘ ਐੱਸ. ਐੱਸ., ਪ੍ਰਧਾਨ ਬਲਦੇਵ ਸਿੰਘ ਦੋਸਾਂਝ ਦੀ ਅਗਵਾਈ ਹੇਠ ਕੀਤੀ ਗਈ। ਇਸ ਮੌਕੇ ਪ੍ਰਚਾਰ ਸਮੱਗਰੀ ਜਾਰੀ ਕਰਦੇ ਹੋਏ ਸੁਸਾਇਟੀ ਆਗੂਆਂ ਨੇ ਦੱਸਿਆ ਕਿ 28 ਫਰਵਰੀ ਨੂੰ ਸ੍ਰੀ ਅਖੰਡ ਪਾਠ ਅਰੰਭ ਕਰਵਾਏ ਜਾਣਗੇ ਅਤੇ 02 ਮਾਰਚ ਨੂੰ ਸ੍ਰੀ ਅਖੰਡ ਪਾਠ ਦੇ ਭੋਗ, ਉਪਰੰਤ ਪੰਥ ਪ੍ਰਸਿੱਧ ਰਾਗੀ/ਢਾਡੀ ਤੇ ਕੀਰਤਨੀ ਜਥਿਆਂ ਵਲੋਂ ਸ਼ਬਦ ਗੁਰਬਾਣੀ
ਦਾ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ ਜਾਵੇਗਾ। ਜ਼ਿਕਰਯੋਗ ਹੈ ਕਿ ਇਸ ਸਮਾਗਮ ਚ ਦੇਸ਼-ਵਿਦੇਸ਼ ਤੋਂ ਵੱਡੀ ਗਿਣਤੀ ਚ ਸੰਗਤਾਂ ਹਾਜ਼ਰ ਹੋ ਕੇ ਸ਼ਰਧਾ ਦਾ ਪ੍ਰਗਟਾਵਾ ਕਰਦੀਆਂ ਹਨ। ਮੀਟਿੰਗ ਚ ਬਲਦੇਵ ਸਿੰਘ ਲੁਹਾਰਾ, ਪ੍ਰਿੰਸੀਪਲ ਸਰਭਜੀਤ ਕੌਰ ,ਸੁਖਦੇਵ ਸਿੰਘ ਰਾਜ, ਸੁਰਜੀਤ ਸਿੰਘ , ਮੋਹਨ ਸਿੰਘ ਮਾਲੜਾ,ਗੁਰਚਰਨ ਸਿੰਘ ਮਾਲਵਾ,ਰਘੁਵੀਰ ਸਿੰਘ , ਤਜਿੰਦਰ ਸਿੰਘ ,ਬਲਬੀਰ ਸਿੰਘ , ਸੋਨੂੰ ਤੇ ਹੈਪੀ ਸਮੂਹ ਅਧਿਆਪਕ ਤੇ ਵੱਡੀ ਗਿਣਤੀ ਚ ਬਾਬਾ ਜੀ ਦੇ ਪੈਰੋਕਾਰ ਹਾਜ਼ਰ ਸਨ।
ਫੋਟੋ ਕੈਪਸ਼ਨ। ਸ਼ਹੀਦ ਮੋਤੀ ਰਾਮ ਮਹਿਰਾ ਮੈਮੋਰੀਅਲ ਸਕੂਲ ਢਿੱਲੋਂ ਨਗਰ ਲੁਹਾਰਾ ਵਿਖੇ ਸ਼ਹੀਦੀ ਸਮਾਗਮ ਸਬੰਧੀ ਪ੍ਰਚਾਰ ਸਮੱਗਰੀ ਜਾਰੀ ਕਰਦੇ ਹੋਏ ਪ੍ਰਧਾਨ ਬਲਦੇਵ ਸਿੰਘ ਦੁਸਾਂਝ, ਪ੍ਰਿੰ ਸਰਬਜੀਤ ਕੌਰ ,
ਵਾਈਸ ਪ੍ਰਿੰਸੀਪਲ ਮਨਦੀਪ ਸਿੰਘ, ਜਸਵੀਰ ਕੌਰ, ਰਾਜਵਿੰਦਰ ਕੌਰ, ਸੁਰਜੀਤ ਕੌਰ, ਮੀਨਾ ਬਖਸ਼ੀ ਅਤੇ ਗਗਨਦੀਪ ਕੌਰ ਆਦਿ ਹਾਜ਼ਰ ਸਨ।

# ਨਹਿਰੂ ਯੁਵਾ ਕੇਂਦਰ ਵੱਲੋਂ 5ਵਾਂ ਕਸ਼ਮੀਰੀ ਯੁਵਾ ਐਕਸਚੇਂਜ ਪ੍ਰੋਗਰਾਮ ਆਯੋਜਿਤ

ਲੁਧਿਆਣਾ, (ਸੁਖਚੈਨ ਮਹਿਰਾ) – ਪਿਛਲੇ ਸਾਲਾਂ ਵਿੱਚ ਕਸ਼ਮੀਰੀ ਯੁਵਾ ਐਕਸਚੇਂਜ ਪ੍ਰੋਗਰਾਮ ਦੇ ਸਫਲ ਆਯੋਜਨ ਤੋਂ ਬਾਅਦ, ਨਹਿਰੂ ਯੁਵਾ ਕੇਂਦਰ ਸੰਗਠਨ, ਯੁਵਾ ਮਾਮਲੇ ਅਤੇ ਖੇਡ ਮੰਤਰਾਲੇ ਵੱਲੋਂ ਗ੍ਰਹਿ ਮੰਤਰਾਲੇ ਦੇ ਸਹਿਯੋਗ ਨਾਲ 1,800 ਕਸ਼ਮੀਰੀ ਨੌਜਵਾਨਾਂ ਨੂੰ 180 ਟੀਮ ਲੀਡਰਾਂ ਦੇ ਨਾਲ ਦੇਸ਼ ਦੇ ਮਹੱਤਵਪੂਰਨ ਸ਼ਹਿਰਾਂ ਵਿੱਚ ਉਨ੍ਹਾਂ ਦੇ ਦੌਰੇ ਦਾ ਮੌਕਾ ਪ੍ਰਦਾਨ ਕਰਨ ਲਈ 5ਵਾਂ ਕਸ਼ਮੀਰੀ ਯੁਵਾ ਐਕਸਚੇਂਜ ਪ੍ਰੋਗਰਾਮ 2024-25 ਦਾ ਆਯੋਜਨ ਕੀਤਾ ਗਿਆ।
ਇਸ ਸਬੰਧ ਵਿੱਚ, ਨਹਿਰੂ ਯੁਵਾ ਕੇਂਦਰ, ਲੁਧਿਆਣਾ ਵੱਲੋਂ ਪੰਜਾਬ ਖੇਤੀਬਾੜੀ ਯੂਨੀਵਰਸਿਟੀ, ਲੁਧਿਆਣਾ ਵਿਖੇ 12 ਤੋਂ 17 ਫਰਵਰੀ 2025 ਤੱਕ 6 ਦਿਨਾਂ ਦਾ ਕਸ਼ਮੀਰੀ ਯੁਵਾ ਐਕਸਚੇਂਜ ਪ੍ਰੋਗਰਾਮ ਆਯੋਜਿਤ ਕੀਤਾ ਗਿਆ। ਇਸ ਪ੍ਰੋਗਰਾਮ ਵਿੱਚ, ਕਸ਼ਮੀਰ ਵਾਦੀ ਦੇ 6 ਚੁਣੇ ਹੋਏ ਜ਼ਿਲ੍ਹਿਆਂ (ਅਨੰਤਨਾਗ, ਕੁਪਵਾੜਾ, ਬਾਰਾਮੂਲਾ, ਬਡਗਾਮ, ਸ੍ਰੀਨਗਰ ਅਤੇ ਪੁਲਵਾਮਾ) ਤੋਂ 120 ਕਸ਼ਮੀਰੀ ਨੌਜਵਾਨ, 18-22 ਸਾਲ ਦੀ ਉਮਰ ਦੇ 12 ਟੀਮ ਲੀਡਰਾਂ ਨਾਲ ਸ਼ਮੂਲੀਅਤ ਕੀਤੀ ਗਈ ਤਾਂ ਜੋ ਮੇਜ਼ਬਾਨ ਰਾਜ ਦੀ ਸੰਸਕ੍ਰਿਤੀ ਅਤੇ ਵਿਰਾਸਤ ਦੀ ਪੜਚੋਲ ਕੀਤੀ ਜਾ ਸਕੇ।
ਸਮਾਪਤੀ ਸਮਾਰੋਹ ਮੌਕੇ, ਜਸਦੇਵ ਸਿੰਘ ਸੇਖੋਂ, ਸਹਾਇਕ ਕਮਿਸ਼ਨਰ ਅਤੇ ਪਾਇਲ ਗੋਇਲ, ਸਹਾਇਕ ਕਮਿਸ਼ਨਰ (ਜੀ.ਏ.) ਵੱਲੋਂ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ। ਸਹਾਇਕ ਕਮਿਸ਼ਨਰ ਪਾਇਲ ਨੇ ਕਿਹਾ ਕਿ ਨੌਜਵਾਨਾਂ ਲਈ ਸਿੱਖਣ ਅਤੇ ਰਾਸ਼ਟਰ ਨਿਰਮਾਣ ਗਤੀਵਿਧੀਆਂ ਦੇ ਨਵੇਂ ਸਫਰ ਦਾ ਆਗਾਜ਼ ਹੈ। ਸੇਖੋਂ ਨੇ ਦੱਸਿਆ ਕਿ ਨੌਜਵਾਨਾਂ ਨਾਲ ਹਮੇਸ਼ਾਂ ਸਥਾਈ ਸਬੰਧ ਰਹਿਣਗੇ। ਕਸ਼ਮੀਰ ਦੀ ਸਭ ਤੋਂ ਵਧੀਆ ਪ੍ਰਦਰਸ਼ਨ ਕਰਨ ਵਾਲੀ ਟੀਮ ਨੂੰ ਸਨਮਾਨਿਤ ਕੀਤਾ ਗਿਆ ਅਤੇ ਭਾਗੀਦਾਰਾਂ ਨੂੰ ਯਾਦਗਾਰ ਵਜੋਂ ਸਰਟੀਫਿਕੇਟ ਅਤੇ ਫੋਟੋਆਂ ਪ੍ਰਦਾਨ ਕੀਤੀਆਂ ਗਈਆਂ।



ਪ੍ਰੋਗਰਾਮ ਦਾ ਮੂਲ ਉਦੇਸ਼ ਭਾਗੀਦਾਰਾਂ ਨੂੰ ਕਸ਼ਮੀਰ ਵਾਦੀ ਦੇ ਨੌਜਵਾਨਾਂ ਵਿੱਚ ਰਾਸ਼ਟਰੀ ਏਕਤਾ, ਅਖੰਡਤਾ ਅਤੇ ਸ਼ਾਂਤੀ ਦੇ ਸਮਰਥਕ ਵਜੋਂ ਕੰਮ ਕਰਨ ਲਈ ਪ੍ਰੇਰਿਤ ਕਰਨਾ ਅਤੇ ਸੰਵੇਦਨਸ਼ੀਲ ਬਣਾਉਣਾ ਹੈ ਅਤੇ ਭਾਗੀਦਾਰਾਂ ਨੂੰ ਦੇਸ਼ ਵਿੱਚ ਸੱਭਿਆਚਾਰਕ, ਉਦਯੋਗਿਕ, ਇਤਿਹਾਸਕ, ਧਾਰਮਿਕ ਅਤੇ ਵਿਦਿਅਕ ਦਿਲਚਸਪੀ ਵਾਲੇ ਵੱਖ-ਵੱਖ ਸਥਾਨਾਂ ਦਾ ਦੌਰਾ ਕਰਨ ਦੇ ਮੌਕੇ ਪ੍ਰਦਾਨ ਕਰਨਾ ਹੈ। ਇਸ ਤੋਂ ਇਲਾਵਾ, ਕਸ਼ਮੀਰੀ ਨੌਜਵਾਨਾਂ ਨੂੰ ਦੇਸ਼ ਦੇ ਵੱਖ-ਵੱਖ ਰਾਜਾਂ ਵਿੱਚ ਹੋਈ ਤਕਨੀਕੀ ਅਤੇ ਉਦਯੋਗਿਕ ਤਰੱਕੀ ਵੱਲ ਮੌਕੇ ਪ੍ਰਦਾਨ ਕਰਨਾ ਹੈ ਜੋ ਵੱਖ-ਵੱਖ ਵਿਕਾਸ ਗਤੀਵਿਧੀਆਂ, ਹੁਨਰ ਵਿਕਾਸ, ਵਿਦਿਅਕ ਅਤੇ ਰੁਜ਼ਗਾਰ ਦੇ ਮੌਕਿਆਂ ਦੀ ਉਪਲਬਧਤਾ ਤੇ ਕੇਂਦ੍ਰਿਤ ਹੈ।
ਕਸ਼ਮੀਰ ਤੋਂ ਆਏ ਡੈਲੀਗੇਟਾਂ ਨੇ ਲੁਧਿਆਣਾ ਦੇ ਮਹੱਤਵਪੂਰਨ ਵਿਰਾਸਤੀ ਸਥਾਨਾਂ ਜਿਵੇਂ ਕਿ ਮਹਾਰਾਜਾ ਰਣਜੀਤ ਸਿੰਘ ਜੰਗੀ ਅਜਾਇਬ ਘਰ, ਇਤਿਹਾਸਕ ਮਹੱਤਵ ਵਾਲਾ ਅਜਾਇਬ ਘਰ, ਪੀ.ਏ.ਯੂ., ਜੰਗ-ਏ-ਆਜ਼ਾਦੀ ਯਾਦਗਾਰ, ਗੁਰਦੁਆਰਾ ਦੁਖਨਿਵਾਰਨ ਸਾਹਿਬ ਅਤੇ ਜਾਮਾ ਮਸਜਿਦ ਵਰਗੇ ਧਾਰਮਿਕ ਸਥਾਨ, ਮਨੋਰੰਜਨ ਸਥਾਨ ਲੁਧਿਆਣਾ ਚਿੜੀਆਘਰ, ਰੱਖ ਬਾਗ, ਚੌੜਾ ਬਾਜ਼ਾਰ ਅਤੇ ਹੀਰੋ ਸਾਈਕਲ ਦਾ ਉਦਯੋਗਿਕ ਦੌਰਾ ਕੀਤਾ। ਉਨ੍ਹਾਂ ਪੀ.ਏ.ਯੂ. ਵਿੱਚ ਸਵੱਛਤਾ ਹੀ ਸੇਵਾ ਅਤੇ ਏਕ ਪੇੜ ਮਾਂ ਕੇ ਨਾਮ ਪੌਦੇ ਲਗਾਉਣ ਦੀ ਮੁਹਿੰਮ ਵਰਗੀਆਂ ਮੁਹਿੰਮਾਂ ਵਿੱਚ ਵੀ ਹਿੱਸਾ ਲਿਆ। ਕਸ਼ਮੀਰੀ ਨੌਜਵਾਨਾਂ ਲਈ ਭਾਰਤ ਸਰਕਾਰ ਦੇ ਫਲੈਗਸ਼ਿਪ ਪ੍ਰੋਗਰਾਮਾਂ, ਲੀਡਰਸ਼ਿਪ ਹੁਨਰ, ਸਾਈਬਰ ਅਪਰਾਧ, ਨਸ਼ੀਲੇ ਪਦਾਰਥਾਂ ਦੀ ਦੁਰਵਰਤੋਂ ਅਤੇ ਮੌਤ, ਐਨ.ਡੀ.ਆਰ.ਐਫ. 7ਵਾਂ ਬਟਾਲੀਅਨ, ਕਰੀਅਰ ਮਾਰਗਦਰਸ਼ਨ ਅਤੇ ਸਲਾਹ, ਕਸ਼ਮੀਰ ਵਿੱਚ ਨੌਜਵਾਨਾਂ ਦੀ ਭੂਮਿਕਾ, ਉੱਦਮਤਾ ਆਦਿ ਬਾਰੇ ਜਾਗਰੂਕਤਾ ਸੈਸ਼ਨ ਆਯੋਜਿਤ ਕੀਤੇ ਗਏ ਸਨ।
ਪਹਿਲੇ ਦਿਨ, ਉਦਘਾਟਨੀ ਸਮਾਰੋਹ ਵਿੱਚ, ਸਤਬੀਰ ਸਿੰਘ ਗੋਸਲ, ਵਾਈਸ ਚਾਂਸਲਰਸ ਪੀ.ਏ.ਯੂ. ਵੱਲੋਂ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਅਤੇ ਕਸ਼ਮੀਰ ਤੋਂ ਆਏ ਨੌਜਵਾਨ ਮਹਿਮਾਨਾਂ ਦਾ ਪੰਜਾਬ ਅਤੇ ਯੂਨੀਵਰਸਿਟੀ, ਲੁਧਿਆਣਾ ਵਿੱਚ ਸਵਾਗਤ ਕੀਤਾ ਅਤੇ ਦੱਸਿਆ ਕਿ ਕਿਵੇਂ ਅਜਿਹੇ ਪ੍ਰੋਗਰਾਮ ਵਿਕਾਸ ਅਤੇ ਰਾਸ਼ਟਰ ਨਿਰਮਾਣ ਗਤੀਵਿਧੀਆਂ ਵਿੱਚ ਨੌਜਵਾਨਾਂ ਦੀ ਭੂਮਿਕਾ ਲਈ ਇੱਕ ਸ਼ਕਤੀਸ਼ਾਲੀ ਸੰਦੇਸ਼ ਹਨ।
ਕਸ਼ਮੀਰੀ ਨੌਜਵਾਨਾਂ ਨੇ ਸੁੰਦਰ ਰਾਊਫ ਡਾਂਸ ਅਤੇ ਲਾਡੀਸ਼ਾਹ ਆਦਿ ਰਾਹੀਂ ਆਪਣੇ ਸੱਭਿਆਚਾਰ ਦਾ ਪ੍ਰਦਰਸ਼ਨ ਕੀਤਾ।

# ਪੁਲਿਸ ਕਮਿਸ਼ਨਰੇਟ ਲੁਧਿਆਣਾ ਵੱਲੋਂ ਪ੍ਰੀਖਿਆ ਕੇਦਰਾ ਦੇ ਇਰਦ-ਗਿਰਦ ਪੰਜ ਜਾਂ ਪੰਜ ਤੋ ਵੱਧ ਵਿਅਕਤੀਆਂ ਦੇ ਇਕੱਠੇ ਹੋਣ ਤੇ ਪਾਬੰਦੀ ਹੁਕਮ ਜਾਰੀ

ਲੁਧਿਆਣਾ, (ਸੁਖਚੈਨ ਮਹਿਰਾ) – ਡਿਪਟੀ ਕਮਿਸਨਰ ਪੁਲਿਸ, ਦਿਹਾਤੀ-ਕਮ-ਸਥਾਨਕ, ਲੁਧਿਆਣਾ ਜਸਕਿਰਨਜੀਤ ਸਿੰਘ ਤੇਜਾ, ਪੀ.ਪੀ.ਐਸ. ਵੱਲੋਂ ਜਾਬਤਾ ਫੋਜਦਾਰੀ ਸੰਘਤਾ ਦੀ ਧਾਰਾ 163 ਬੀ.ਐਨ.ਐਸ.ਐਸ 2023 ਦੀ ਧਾਰਾ ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋ ਕਰਦਿਆਂ ਪੁਲਿਸ ਕਮਿਸਨਰੇਟ ਲੁਧਿਆਣਾ ਦੇ ਏਰੀਆ ਵਿੱਚ ਪ੍ਰੀਖਿਆ ਕੇਦਰਾ ਦੇ ਇਰਦ ਗਿਰਦ ਪੰਜ ਜਾਂ ਪੰਜ ਤੋ ਵੱਧ ਵਿਅਕਤੀਆਂ ਦੇ ਇਕੱਠੇ ਹੋਣ ਤੇ ਪਾਬੰਦੀ ਲਗਾਈ ਗਈ ਹੈ।
ਇਨ੍ਹਾਂ ਹੁਕਮਾਂ ਤਹਿਤ, ਪ੍ਰੀਖਿਆ ਸਮੇ ਦੌਰਾਨ ਅੱਠਵੀ, ਦਸਵੀ ਅਤੇ ਬਾਰ੍ਹਵੀ ਸ੍ਰੇਣੀ ਦੀਆ ਸਲਾਨਾ 2025 ਦੀਆ ਪ੍ਰੀਖਿਆਵਾਂ ਸਮੇਤ ਓਪਨ ਸਕੂਲ ਦੇ ਪ੍ਰੀਖਿਆ ਕੇਦਰਾ ਦੇ ਇਰਦ ਗਿਰਦ 200 ਮੀਟਰ ਦੇ ਘੇਰੇ ਅੰਦਰ ਪੰਜ ਜਾਂ ਪੰਜ ਤੋ ਵੱਧ ਵਿਅਕਤੀਆਂ ਦੇ ਜਾਣ ਤੇ ਮਨਾਹੀ ਹੋਵੇਗੀ।
ਪ੍ਰਿੰਸੀਪਲ, ਸਰਕਾਰੀ ਸੀਨੀਅਰ ਸੰਕੈਡਰੀ ਸਕੂਲ, ਗੋਬਿੰਦ ਨਗਰ, ਲੁਧਿਆਣਾ ਵੱਲੋ ਦਫਤਰ ਪੁਲਿਸ ਕਮਿਸ਼ਨਰੇਟ ਦੇ ਧਿਆਨ ਵਿਚ ਲਿਆਂਦਾ ਗਿਆ ਕਿ ਮਿਤੀ 19-02-2025 ਤੋ ਮਿਤੀ 04-04-2025 ਦਰਮਿਆਨ ਜਮਾਤ ਅੱਠਵੀ, ਦੱਸਵੀ ਅਤੇ ਬਾਰਵੀ ਦੀਆ ਸਲਾਨਾ ਪ੍ਰੀਖਿਆਵਾਂ ਹੋਣ ਜਾ ਰਹੀਆ ਹਨ। ਇੰਨ੍ਹਾਂ ਪ੍ਰੀਖਿਆਵਾ ਨੂੰ ਸ਼ਾਤੀ ਪੂਰਵਕ ਨੇਪਰੇ ਚਾੜਨ ਅਤੇ ਬਿਨ੍ਹਾਂ ਕਿਸੇ ਦਖਲ ਅੰਦਾਜੀ ਸਬੰਧਤ ਕੇਦਰਾਂ ਦੇ ਇਰਦ ਗਿਰਦ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਵਿਆਪਕ ਪ੍ਰਬੰਧ ਕਰਨ ਦੀ ਜਰੂਰਤ ਹੈ, ਤਾਂ ਜੋ ਪ੍ਰੀਖਿਆ ਕੇਦਰਾ ਦੇ ਇਰਦ ਗਿਰਦ ਪ੍ਰੀਖਿਆਰਥੀਆਂ ਦੇ ਮਾਂ-ਬਾਪ/ਰਿਸ਼ਤੇਦਾਰ ਆਦਿ ਇਕੱਠੇ ਨਾ ਹੋ ਸਕਣ ਅਤੇ ਕੋਈ ਅਣ-ਸੁਖਾਵੀ ਘਟਨਾ ਨਾ ਵਾਪਰੇ ਜਿਸ ਨਾਲ ਪ੍ਰੀਖਿਆਵਾਂ ਦੀ ਪਵਿੱਤਰਤਾ ਭੰਗ ਹੋਵੇ।
ਇਹ ਹੁਕਮ ਅੱਜ 19 ਫਰਵਰੀ ਤੋਂ 04 ਅਪ੍ਰੈਲ, 2025 ਤੱਕ ਲਾਗੂ ਰਹਿਣਗੇ।

# 10 ਸਾਲਾਂ ਚ 5 ਗੁਣਾ ਵਧੀ ਗਠੀਆ ਰੋਗ, ਲਖਨਊ ਦੇ ਡਾ: ਪਟੇਲ ਮਸ਼ਹੂਰ ਡਾ: ਏ.ਕੇ. ਅਗਰਵਾਲ ਦੀ ਅਗਵਾਈ ਚ ਸੱਤਿਆ ਚ ਕੈਂਪ ਲਗਾਉਣਗੇ।



ਕਾਨਪੁਰ ( ਸੁਨੀਲ ਬਾਜਪਾਈ ) ਗੋਡਿਆਂ ਅਤੇ ਜੋੜਾਂ ਦੇ ਦਰਦ ਯਾਨੀ ਗਠੀਆ ਆਦਿ ਦੀ ਸਮੱਸਿਆ ਲਗਾਤਾਰ ਅਪਾਹਜ ਹੋਣ ਦੀ ਹੱਦ ਤੱਕ ਵਧਦੀ ਜਾ ਰਹੀ ਹੈ। ਪਿਛਲੇ 10 ਸਾਲਾਂ ਵਿੱਚ ਇਸ ਵਿੱਚ ਪੰਜ ਗੁਣਾ ਵਾਧਾ ਹੋਇਆ ਹੈ, ਜਿਸ ਕਾਰਨ ਡਾਕਟਰੀ ਭਾਈਚਾਰਾ ਵੀ ਕਾਫੀ ਚਿੰਤਤ ਹੈ। ਗਠੀਆ ਦੀ ਲਗਾਤਾਰ ਵੱਧ ਰਹੀ ਸਮੱਸਿਆ ਤੋਂ ਛੁਟਕਾਰਾ ਦਿਵਾਉਣ ਦੇ ਇਰਾਦੇ ਨਾਲ 01 ਅਤੇ 15 ਮਾਰਚ 20 25 ਯਾਨੀ ਕਿ ਓ.ਪੀ.ਡੀ. ਮਹੀਨੇ ਦੇ ਪਹਿਲੇ ਅਤੇ ਤੀਜੇ ਸ਼ਨੀਵਾਰ ਨੂੰ ਸ਼ਾਮ 4 ਤੋਂ 06 ਵਜੇ ਤੱਕ ਸੱਤਿਆ ਹਸਪਤਾਲ ਬਰਾੜਾ 6 ਵਿਖੇ ਪ੍ਰਸਿੱਧ ਆਰਥੋਪੀਡਿਕ ਮਾਹਿਰ ਡਾ.ਏ.ਕੇ. ਦੀ ਅਗਵਾਈ ਹੇਠ ਕੈਂਪ ਲਗਾਇਆ ਜਾਵੇਗਾ। ਦਿੱਤਾ ਜਾਵੇਗਾ। ਇਸਦੇ ਲਈ ਆਯੁਸ਼ਮਾਨ ਭਾਰਤ ਸਮੇਤ ਸਾਰੇ ਕੈਸ਼ਲੈਸ ਕਾਰਡ ਵੀ ਵੈਧ ਹੋਣਗੇ।

ਆਪਣੇ ਸੱਤਿਆ ਹਸਪਤਾਲ ਬਰਾੜਾ ਵਿਖੇ 5000 ਤੋਂ ਵੱਧ ਗੋਡਿਆਂ ਅਤੇ ਗਠੀਆ ਦੇ ਰੋਗੀਆਂ ਨੂੰ ਦਵਾਈਆਂ ਅਤੇ ਟੀਕਿਆਂ ਦੀ ਮਦਦ ਨਾਲ ਬਿਨਾਂ ਆਪ੍ਰੇਸ਼ਨ ਤੋਂ ਠੀਕ ਕਰਨ ਵਾਲੇ ਦੇਸ਼ ਦੇ ਪ੍ਰਸਿੱਧ ਆਰਥੋਪੀਡਿਕ ਮਾਹਿਰ ਡਾ: ਏ.ਕੇ. ਅਗਰਵਾਲ ਨੇ ਦਾਅਵਾ ਕੀਤਾ ਕਿ ਡਾਕਟਰੀ ਜਗਤ ਵੱਲੋਂ ਕੀਤੀ ਗਈ ਤਰੱਕੀ ਸਦਕਾ ਗੋਡਿਆਂ ਅਤੇ ਗਠੀਆ ਆਦਿ ਦੀਆਂ ਸਮੱਸਿਆਵਾਂ ਬਿਨਾਂ ਅਪ੍ਰੇਸ਼ਨ ਤੋਂ ਵੀ ਹੱਲ ਕੀਤੀਆਂ ਜਾ ਸਕਦੀਆਂ ਹਨ।

ਇਸ ਵਿਧਾ ਦੇ ਸਭ ਤੋਂ ਸਫਲ ਡਾਕਟਰਾਂ ਵਿੱਚੋਂ ਇੱਕ ਪ੍ਰਸਿੱਧ ਡਾ: ਏ.ਕੇ. ਅਗਰਵਾਲ, ਜਿਨ੍ਹਾਂ ਨੇ ਆਪਣੇ ਸਫਲ ਇਲਾਜ ਤਰੀਕਿਆਂ ਰਾਹੀਂ ਰਿਕਾਰਡ ਤੋੜ ਲੋਕਾਂ ਨੂੰ ਗੋਡਿਆਂ ਦੀ ਸਮੱਸਿਆ ਤੋਂ ਛੁਟਕਾਰਾ ਦਿਵਾਉਣ ਵਿੱਚ ਮਦਦ ਕੀਤੀ ਹੈ, ਨੇ ਕਿਹਾ ਕਿ ਹੁਣ ਤੱਕ ਵਿਕਸਤ ਡਾਕਟਰੀ ਤਰੀਕਿਆਂ ਅਤੇ ਦਵਾਈਆਂ ਦੀ ਵਰਤੋਂ ਕਰਕੇ ਵਿਅਕਤੀ ਬਿਨਾਂ ਅਪਰੇਸ਼ਨ ਤੋਂ ਵੀ ਗੋਡਿਆਂ ਦੀ ਸਮੱਸਿਆ ਤੋਂ ਛੁਟਕਾਰਾ ਪਾ ਸਕਦਾ ਹੈ।

ਗੋਡੇ ਬਦਲਣ ਵਿੱਚ ਸਫ਼ਲਤਾ ਦੇ ਕਈ ਨਵੇਂ ਰਿਕਾਰਡ ਕਾਇਮ ਕਰਨ ਵਾਲੇ ਪ੍ਰਸਿੱਧ ਡਾ: ਏ.ਕੇ. ਅਗਰਵਾਲ ਨੇ ਇਹ ਵੀ ਕਿਹਾ ਕਿ ਬਹੁਤ ਸਾਰੇ ਗਠੀਏ ਦੇ ਮਰੀਜ਼ ਹਨ ਜਿਨ੍ਹਾਂ ਨੂੰ ਗੋਡੇ ਬਦਲਣ ਦੀ ਲੋੜ ਨਹੀਂ ਹੁੰਦੀ। ਇਨ੍ਹਾਂ ਨੂੰ ਦਵਾਈਆਂ ਨਾਲ ਠੀਕ ਕੀਤਾ ਜਾ ਸਕਦਾ ਹੈ। ਇਸ ਤੋਂ ਇਲਾਵਾ ਇੱਕ ਖਾਸ ਕਿਸਮ ਦਾ ਇੰਜੈਕਸ਼ਨ ਅਤੇ ਕੁਝ ਹੋਰ ਤਰੀਕਿਆਂ ਨਾਲ ਵੀ ਲੰਬੇ ਸਮੇਂ ਤੱਕ ਗੋਡਿਆਂ ਦੇ ਗਠੀਏ ਤੋਂ ਰਾਹਤ ਮਿਲ ਸਕਦੀ ਹੈ।

ਆਧੁਨਿਕ ਸਫਲ ਡਾਕਟਰੀ ਤਰੀਕਿਆਂ ਬਾਰੇ ਵਿਸਥਾਰ ਵਿੱਚ ਚਰਚਾ ਕਰਦਿਆਂ ਅਤੇ ਇਨ੍ਹਾਂ ਨੂੰ ਆਮ ਰੁਟੀਨ ਦਾ ਹਿੱਸਾ ਬਣਾਉਣ ਵਿੱਚ ਸਫ਼ਲਤਾ ਪ੍ਰਾਪਤ ਕਰਕੇ ਹਜ਼ਾਰਾਂ ਲੋਕਾਂ ਨੂੰ ਅਪੰਗ ਹੋਣ ਤੋਂ ਬਚਾਉਂਦੇ ਹੋਏ ਪ੍ਰਸਿੱਧ ਆਰਥੋਪੀਡਿਕ ਮਾਹਿਰ ਡਾ: ਏ.ਕੇ. ਅਗਰਵਾਲ ਨੇ ਇਹ ਵੀ ਦਾਅਵਾ ਕੀਤਾ ਕਿ ਗੋਡਿਆਂ ਦੇ ਗਠੀਆ ਨੂੰ ਟਰਾਂਸਪਲਾਂਟ ਤੋਂ ਪਹਿਲਾਂ ਹੋਰ ਛੋਟੇ ਆਪ੍ਰੇਸ਼ਨਾਂ ਰਾਹੀਂ ਵੀ ਪੱਕੇ ਤੌਰ ਤੇ ਠੀਕ ਕੀਤਾ ਜਾ ਸਕਦਾ ਹੈ।

ਹੁਣ ਤੱਕ ਸੈਂਕੜੇ ਲੋਕਾਂ ਨੂੰ ਅਪਾਹਜ ਹੋਣ ਤੋਂ ਬਚਾਉਣ ਅਤੇ ਉਨ੍ਹਾਂ ਨੂੰ ਨਵੀਂ ਜ਼ਿੰਦਗੀ ਦੇਣ ਦਾ ਰਿਕਾਰਡ ਤੋੜਨ ਵਾਲੇ ਪ੍ਰਸਿੱਧ ਆਰਥੋਪੀਡਿਕ ਮਾਹਿਰ ਡਾ: ਏ.ਕੇ. ਅਗਰਵਾਲ ਪਹਿਲਾਂ ਹੀ ਨਾਮਵਰ ਡਾਕਟਰਾਂ ਦੀ ਟੀਮ ਵਿੱਚ ਸ਼ਾਮਲ ਹੋ ਚੁੱਕੇ ਹਨ ਅਤੇ ਸਾਬਕਾ ਪ੍ਰਧਾਨ ਮੰਤਰੀ ਅਟਲ ਬਿਹਾਰੀ ਵਾਜਪਾਈ, ਮੋਰਾਰ ਜੀ ਦੇਸਾਈ ਅਤੇ ਜੇ.ਕੇ ਪਰਿਵਾਰ ਉਦਯੋਗਪਤੀ ਵਿਜੇ ਸਮੇਤ ਕਈ ਅਹਿਮ ਵਿਅਕਤੀਆਂ ਨੂੰ ਸਫਲ ਸੰਯੁਕਤ ਤਬਦੀਲੀ ਪ੍ਰਦਾਨ ਕਰ ਚੁੱਕੇ ਹਨ।

# ਬਿਜਲੀ ਕਾਮਿਆਂ ਦੀਆਂ ਕੀਤੀਆਂ ਗਲਤ ਪੋਸਟਿੰਗਾਂ ਖਿਲਾਫ਼ ਮੁੱਖ ਇੰਜੀ : ਵਿਰੁੱਧ ਰੋਸ ਧਰਨਾ ਅੱਜ



ਲੁਧਿਆਣਾ ( ਸੁਖਚੈਨ ਮਹਿਰਾ,) ਪਾਵਰ ਮੈਨੇਜਮੈਂਟ ਅਤੇ ਮੁਲਾਜ਼ਮ ਜਥੇਬੰਦੀਆਂ ਦਰਮਿਆਨ ਬੀਤੀ 12 ਸਤੰਬਰ ਨੂੰ ਮੁਲਾਜ਼ਮ ਮਸਲਿਆਂ ਦੇ ਨਿਪਟਾਰੇ ਸਬੰਧੀ ਹੋਏ ਸਮਝੌਤੇ ਅਨੁਸਾਰ ਵਿਭਾਗ ਵਿੱਚ ਪਿਛਲੇ ਇਕ ਦਹਾਕੇ ਤੋਂ ਵੱਧ ਸਮੇਂ ਤੋਂ ਕੰਮ ਕਰ ਰਹੇ ਆਰ ਟੀ ਐਮ ਕਰਮਚਾਰੀਆਂ ਦੀ ਵਿਭਾਗ ਵੱਲੋਂ 20 ਜਨਵਰੀ ਨੂੰ ਬਤੌਰ ਸਹਾਇਕ ਲਾਈਨਮੈਨ ਦੀ ਤਰੱਕੀ ਹੋਣ ਦੇ ਬਾਵਜੂਦ ਵੀ ਸੈਂਕੜੇ ਕਰਮਚਾਰੀਆਂ ਨੂੰ ਇਕ ਮਹੀਨਾ ਦੇਰੀ ਨਾਲ ਡਿਊਟੀਆਂ ਜੁਆਇਨ ਕਰਵਾਉਣ ਅਤੇ ਗਲਤ ਪੋਸਟਿੰਗਾਂ ਕਰਨ ਖਿਲਾਫ਼ ਪੀ ਐਸ ਈ ਬੀ ਇੰਪਲਾਈਜ਼ ਜੁਆਇੰਟ ਫੋਰਮ ,ਬਿਜਲੀ ਮੁਲਾਜ਼ਮ ਏਕਤਾ ਮੰਚ ਪੰਜਾਬ ਅਤੇ ਐਸੋਸੀਏਸ਼ਨ ਆਫ਼ ਜੂਨੀਅਰ ਇੰਜੀਨੀਅਰ ਦੇ ਸਾਂਝੇ ਸੱਦੇ ਤੇ ਮੁੱਖ ਇੰਜੀਨੀਅਰ ਪੀ ਅਤੇ ਐਮ ਲੁਧਿਆਣਾ ਵਿਰੁੱਧ ਅਜ 21 ਫਰਵਰੀ ਨੂੰ ਲਾਮਿਸਾਲ ਰੋਸ ਧਰਨਾ ਦਿੱਤਾ ਜਾਵੇਗਾ । ਇਸ ਸਬੰਧੀ ਪ੍ਰੈਸ ਬਿਆਨ ਜਾਰੀ ਕਰਦਿਆਂ ਸਾਂਝਾ ਫੋਰਮ ਅਤੇ ਏਕਤਾ ਮੰਚ ਦੇ ਆਗੂ ਰਤਨ ਸਿੰਘ ਮਜਾਰੀ ਅਤੇ ਗੁਰਪ੍ਰੀਤ ਸਿੰਘ ਗੰਡੀਵਿੰਡ ਨੇ ਕਿਹਾ ਕਿ ਮੁੱਖ ਇੰਜੀਨੀਅਰ ਨੇ ਜਾਣਬੁੱਝ ਕੇ ਮੰਦ ਭਾਵਨਾ ਤਹਿਤ ਤਰੱਕੀ ਪਾਉਣ ਵਾਲੇ ਸੈਂਕੜੇ ਕਰਮਚਾਰੀਆਂ ਨੂੰ ਜਦੋਂ ਇਕ ਮਹੀਨੇ ਤੱਕ ਅਗਲੇ ਤੈਨਾਤੀ ਸਟੇਸ਼ਨ ਅਲਾਟ ਨਹੀਂ ਕੀਤੇ ਗਏ ਤਾਂ ਫ਼ਿਰ ਜਥੇਬੰਦੀਆਂ ਵੱਲੋਂ ਰੋਸ ਧਰਨੇ ਦਾ ਨੋਟਿਸ ਦੇਣ ਦੇ ਬਾਅਦ ਕਰਮਚਾਰੀਆਂ ਦੀਆਂ ਪੋਸਟਿੰਗਾਂ ਗਲਤ ਕਰ ਦਿੱਤੀਆਂ ਹਨ ਜੋ ਕਰਮਚਾਰੀਆਂ ਨਾਲ ਵੀ ਜਿਆਦਤੀ ਹੈ ਅਤੇ ਪਾਵਰ ਮੈਨੇਜਮੈਂਟ ਨਾਲ ਹੋਏ ਸਮਝੌਤੇ ਦੀ ਵੀ ਉਲੰਘਣਾ ਹੈ। ਮੁਲਾਜ਼ਮ ਆਗੂ ਹਰਪਾਲ ਸਿੰਘ , ਗੁਰਵੇਲ ਸਿੰਘ ਬੱਲਪੁਰੀਆ , ਬਲਦੇਵ ਸਿੰਘ ਮੰਢਾਲੀ , ਕੌਰ ਸਿੰਘ ਸੋਹੀ , ਬਲਜੀਤ ਸਿੰਘ ਮੋਦਲਾ , ਦਵਿੰਦਰ ਸਿੰਘ ਪਿਸੌਰ , ਦਲੀਪ ਕੁਮਾਰ , ਰਵੇਲ ਸਿੰਘ ਸਹਾਏਪੁਰ , ਗੁਰਪਿਆਰ ਸਿੰਘ ਆਦਿ ਨੇ ਮੁੱਖ ਇੰਜੀਨੀਅਰ ਪੀ ਅਤੇ ਐਮ ਲੁਧਿਆਣਾ ਦੇ ਜਥੇਬੰਦੀਆਂ ਨਾਲ ਟਕਰਾਅ ਵਾਲੇ ਵਤੀਰੇ ਦੀ ਜੋਰਦਾਰ ਨਿੰਦਾ ਕਰਦੇ ਹੋਏ ਅਧਿਕਾਰੀ ਨੂੰ ਸਖਤ ਲਹਿਜੇ ਵਿੱਚ ਕਿਹਾ ਕਿ ਕਰਮਚਾਰੀਆਂ ਦੀਆਂ ਗਲਤ ਕੀਤੀਆਂ ਪੋਸਟਿੰਗਾਂ ਤੁਰੰਤ ਠੀਕ ਕੀਤੀਆਂ ਜਾਣ ਨਹੀਂ ਤਾਂ ਸੰਘਰਸ਼ ਹੋਰ ਤਿੱਖਾ ਕੀਤਾ ਜਾਵੇਗਾ ।

# ਜ਼ਿਲ੍ਹਾ ਬਾਲ ਸੁਰੱਖਿਆ ਯੂਨਿਟ ਵੱਲੋਂ ਜਗਰਾਉਂ ਦੇ ਵੱਖ-ਵੱਖ ਇਲਾਕਿਆਂ ਚ ਅਭਿਆਨ ਚਲਾਇਆ*



ਲੁਧਿਆਣਾ, (ਸੁਖਚੈਨ ਮਹਿਰਾ, ਨਰੇਸ਼ ਹੰਸ) - ਜ਼ਿਲ੍ਹਾ ਬਾਲ ਸੁਰੱਖਿਆ ਯੂਨਿਟ, ਲੁਧਿਆਣਾ ਵੱਲੋਂ ਬਾਲ ਭਿੱਖਿਆ ਦੀ ਰੋਕਥਾਮ ਲਈ ਜਗਰਾਉਂ ਦੇ ਵੱਖ-ਵੱਖ ਇਲਾਕਿਆਂ ਵਿੱਚ ਵਿਸ਼ੇਸ਼ ਅਭਿਆਨ ਚਲਾਇਆ ਗਿਆ।

ਜਿਲ੍ਹਾ ਬਾਲ ਸੁਰੱਖਿਆ ਯੂਨਿਟ, ਲੁਧਿਆਣਾ, ਜਿਸ ਵਿੱਚ ਪੁਲਿਸ ਵਿਭਾਗ, ਸਿੱਖਿਆ ਵਿਭਾਗ ਅਤੇ ਬਚਪਨ ਬਚਾਉ ਅੰਦੋਲਨ ਦੇ ਨੁਮਾਇੰਦੇ ਵੀ ਸ਼ਾਮਲ ਸਨ, ਵੱਲੋ ਸਾਂਝੇ ਤੌਰ ਤੇ ਜਗਰਾਉਂ ਦੇ ਵੱਖ-ਵੱਖ ਇਲਾਕਿਆਂ ਵਿੱਚ ਬਾਲ ਭਿਖਾਰੀਆਂ ਨੂੰ ਭੀਖ ਮੰਗਣ ਤੋਂ ਰੋਕਣ ਲਈ ਜਾਗਰੂਕ ਕੀਤਾ ਗਿਆ। ਉਨ੍ਹਾਂ ਆਮ ਜਨਤਾ ਨੂੰ ਵੀ ਅਪੀਲ ਕੀਤੀ ਕਿ ਬੱਚਿਆਂ ਨੂੰ ਭੀਖ ਨਾ ਦਿੱਤੀ ਜਾਵੇ ਤਾਂ ਜੋ ਚਾਈਲਡ ਬੈਗਿੰਗ ਤੇ ਠੱਲ ਪਾਈ ਜਾ ਸਕੇ।

ਜ਼ਿਲ੍ਹਾ ਬਾਲ ਸੁਰੱਖਿਆ ਅਫਸਰ ਰਸ਼ਮੀ ਨੇ ਦੱਸਿਆ ਕਿ ਭਵਿੱਖ ਵਿੱਚ ਵੀ ਅਜਿਹੀਆਂ ਗਤੀਵਿਧੀਆਂ ਜਾਰੀ ਰਹਿਣਗੀਆਂ ਤਾਂ ਜੋ ਲੁਧਿਆਣਾ ਨੂੰ ਬਾਲ ਭਿੱਖਿਆ ਤੋਂ ਮੁਕਤ ਕਰਦਿਆਂ ਬੱਚਿਆਂ ਨੂੰ ਸਕੂਲ ਵਿੱਚ ਦਾਖਲ ਕਰਵਾ ਕੇ ਉਹਨਾਂ ਦਾ ਭਵਿੱਖ ਸੁਰੱਖਿਅਤ ਅਤੇ ਉਜੱਵਲ ਬਣਾਇਆ ਜਾ ਸਕੇ।

ਟੀਮ ਵਿੱਚ ਸਨਦੀਪ ਸਿੰਘ (ਬਚਪਨ ਬਚਾਉ ਅੰਦੋਲਨ), ਪੁਲਿਸ ਵਿਭਾਗ ਦੇ ਮੈਂਬਰ ਅਤੇ ਸਤਵਿੰਦਰ ਸਿੰਘ (ਸਿੱਖਿਆ ਵਿਭਾਗ) ਅਤੇ ਹੋਰ ਸ਼ਾਮਲ ਸਨ।

# ਕਾਨਪੁਰ ਦੀ ਵਿਦਿਆਰਥੀ ਮਾਰਕੀਟ ਵਿੱਚ ਔਰਤਾਂ ਦੇ ਟਾਇਲਟ ਅਤੇ ਪਾਰਕਿੰਗ ਦੀ ਸਮੱਸਿਆ ਨੂੰ ਲੈ ਕੇ ਸੰਘਰਸ਼ ਵਿੱਚ ਲੱਗੇ ਵਪਾਰੀ ਆਗੂ ਰਾਜੇਸ਼ ਭੱਲਾ।





ਕਾਨਪੁਰ।(ਸੁਨੀਲ ਬਾਜਪਾਈ) ਇੱਥੋਂ ਦੇ ਗੋਵਿੰਦ ਨਗਰ ਵਿੱਚ ਸਥਿਤ ਵਿਦਿਆਰਥੀ ਮਾਰਕੀਟ ਸਾਲਾਂ ਤੋਂ ਔਰਤਾਂ ਦੇ ਟਾਇਲਟ ਸਮੇਤ ਕਈ ਸਮੱਸਿਆਵਾਂ ਨਾਲ ਜੂਝ ਰਹੀ ਹੈ। ਅਜਿਹਾ ਨਹੀਂ ਹੈ ਕਿ ਇਸ ਲਈ ਯਤਨ ਨਹੀਂ ਕੀਤੇ ਗਏ। ਇਹ ਜ਼ਰੂਰ ਕੀਤਾ ਗਿਆ ਹੈ ਪਰ ਅੱਜ ਤੱਕ ਸਬੰਧਤ ਵਿਭਾਗ ਹੀ ਨਹੀਂ ਸਗੋਂ ਕਿਸੇ ਵੀ ਜਨ-ਨੁਮਾਇੰਦੇ ਨੇ ਪਾਰਕਿੰਗ ਦੇ ਨਾਲ-ਨਾਲ ਉਸਾਰੀ ਅਧੀਨ ਮਹਿਲਾ ਗੁਲਾਬੀ ਟਾਇਲਟ ਦੀ ਸਮੱਸਿਆ ਦਾ ਹੱਲ ਨਹੀਂ ਕੀਤਾ, ਜਿਸ ਕਾਰਨ ਵਿਦਿਆਰਥੀ ਬਾਜ਼ਾਰ ਵਿੱਚ ਵੱਡੀ ਗਿਣਤੀ ਵਿੱਚ ਆਉਣ ਵਾਲੀਆਂ ਔਰਤਾਂ ਨੂੰ ਵੀ ਭਾਰੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈਂਦਾ ਹੈ। ਔਰਤਾਂ ਦੇ ਟਾਇਲਟ ਦੇ ਨਾਲ-ਨਾਲ ਇੱਥੇ ਹੋਰ ਵੱਡੀ ਸਮੱਸਿਆ ਪਾਰਕਿੰਗ ਦੀ ਹੈ। ਇਸ ਦਾ ਹੱਲ ਅੱਜ ਤੱਕ ਸੰਭਵ ਨਹੀਂ ਹੋ ਸਕਿਆ।

ਫਿਲਹਾਲ ਹਰੀਸ਼ੰਕਰ ਵਿਦਿਆਰਥੀ ਮੰਡੀ ਵਪਾਰ ਮੰਡਲ ਵੱਲੋਂ ਇਸ ਦੇ ਲਈ ਯਤਨ ਜਾਰੀ ਹਨ। ਅਤੇ ਇਸ ਵਿੱਚ ਸਫਲਤਾ ਵੀ ਜਲਦੀ ਹੀ ਪ੍ਰਾਪਤ ਕੀਤੀ ਜਾ ਸਕਦੀ ਹੈ ਕਿਉਂਕਿ ਅੱਜਕੱਲ੍ਹ ਇੱਕ ਖਾੜਕੂ ਸਰਪ੍ਰਸਤ ਵਜੋਂ ਹਰੀਸ਼ੰਕਰ ਵਿਦਿਆਰਥੀ ਮੰਡੀ ਵਪਾਰ ਮੰਡਲ ਦੀ ਕਮਾਨ ਇੱਕ ਗਤੀਸ਼ੀਲ ਅਤੇ ਸੁਲਝੇ ਹੋਏ ਵਪਾਰੀ ਆਗੂ ਅਤੇ ਪਰਉਪਕਾਰੀ ਸੁਭਾਅ ਵਾਲੇ ਪ੍ਰਸਿੱਧ ਸੀਨੀਅਰ ਸਮਾਜ ਸੇਵਕ ਰਾਜੇਸ਼ ਕੁਮਾਰ ਭੱਲਾ ਦੇ ਹੱਥ ਵਿੱਚ ਹੈ ਜੋ ਹਮੇਸ਼ਾ ਹਰ ਕਿਸੇ ਦੇ ਸੁੱਖ-ਦੁੱਖ ਵਿੱਚ ਖੜ੍ਹੇ ਹੁੰਦੇ ਹਨ।

ਵਿਦਿਆਰਥੀ ਮਾਰਕੀਟ ਵਪਾਰ ਮੰਡਲ ਦੇ ਸਰਪ੍ਰਸਤ, ਗੋਵਿੰਦ ਨਗਰ ਦੇ ਚਾਰ ਬਲਾਕਾਂ ਵਿੱਚ ਸਥਿਤ ਸ਼੍ਰੀ ਹਨੂੰਮਾਨ ਮੰਦਰ ਦੇ ਪ੍ਰਧਾਨ, ਅਖੰਡ ਹਿੰਦ ਫੌਜ ਦੇ ਕਾਨਪੁਰ ਮੰਡਲ ਦੇ ਪ੍ਰਧਾਨ, ਸ਼੍ਰੀਮਤੀ ਰਾਮ ਦੂਏ ਸ਼੍ਰੀਮੰਵਰਸ ਦੇ ਉਪ ਪ੍ਰਧਾਨ ਸ਼੍ਰੀ ਹਰੀਸ਼ੰਕਰ, ਵਿਦਿਆਰਥੀ ਮਾਰਕੀਟ ਦੇ ਦੁਕਾਨਦਾਰਾਂ ਅਤੇ ਵਪਾਰੀਆਂ ਦੀਆਂ ਸਮੱਸਿਆਵਾਂ ਨੂੰ ਲੈ ਕੇ ਸ਼ੁਰੂ ਤੋਂ ਹੀ ਲਗਾਤਾਰ ਸੰਘਰਸ਼ ਵਿੱਚ ਲੱਗੇ ਹੋਏ ਹਨ ਸੇਵਾ ਸੰਮਤੀ ਗੋਵਿੰਦ ਨਗਰ ਅਤੇ ਬਹੁਤ ਹੀ ਸਹਿਯੋਗੀ ਸੁਭਾਅ ਦੇ ਵਪਾਰੀ ਸਮਾਜ ਸੇਵੀ ਰਾਜੇਸ਼ ਕੁਮਾਰ ਭੱਲਾ ਅਨੁਸਾਰ ਪ੍ਰਧਾਨ ਸਚਿਨ ਦੂਆ ਅਤੇ ਹਰੀਸ਼ੰਕਰ ਵਿਦਿਆਰਥੀ ਮਾਰਕੀਟ ਵਪਾਰ ਮੰਡਲ ਦੇ ਜਨਰਲ ਸਕੱਤਰ ਵਿਪੁਲ ਸ਼ਾਹ ਅਤੇ ਹੋਰ ਅਧਿਕਾਰੀਆਂ ਨਾਲ ਮਿਲ ਕੇ ਆਪਣਾ ਸੰਘਰਸ਼ ਉਦੋਂ ਤੱਕ ਜਾਰੀ ਰਹੇਗਾ ਜਦੋਂ ਤੱਕ ਮਹਿਲਾ ਗੁਲਾਬੀ ਟਾਇਲਟ ਅਤੇ ਪਾਰਕਿੰਗ ਸਮੇਤ ਗਾਹਕਾਂ, ਵਪਾਰੀਆਂ ਅਤੇ ਦੁਕਾਨਦਾਰਾਂ ਦੀ ਹਰ ਸਮੱਸਿਆ ਦਾ ਪੂਰੀ ਤਰ੍ਹਾਂ ਹੱਲ ਨਹੀਂ ਹੋ ਜਾਂਦਾ।

ਤੁਹਾਨੂੰ ਦੱਸ ਦੇਈਏ ਕਿ ਵਿਦਿਆਰਥੀ ਮਾਰਕਿਟ, ਕਾਨਪੁਰ ਦੇ ਮਸ਼ਹੂਰ ਬਾਜ਼ਾਰਾਂ ਵਿੱਚੋਂ ਇੱਕ, ਦੱਖਣ ਦਾ ਇੱਕ ਪ੍ਰਮੁੱਖ ਬਾਜ਼ਾਰ ਹੈ, ਜੋ ਘਰੇਲੂ ਵਸਤੂਆਂ ਸਮੇਤ ਗਾਹਕਾਂ ਨੂੰ ਲੋੜੀਂਦੀ ਹਰ ਵਸਤੂ ਪ੍ਰਦਾਨ ਕਰਦਾ ਹੈ। ਇੱਥੇ ਹਰ ਤਰ੍ਹਾਂ ਦੀਆਂ 400 ਤੋਂ ਵੱਧ ਦੁਕਾਨਾਂ ਹਨ। ਇਸ ਵਿਦਿਆਰਥੀ ਬਾਜ਼ਾਰ ਵਿੱਚ ਚੂੜੀਆਂ, ਕੱਪੜੇ, ਚੱਪਲਾਂ, ਬਰਤਨ, ਭਾਂਡੇ, ਘਰੇਲੂ ਵਸਤਾਂ, ਮਸਾਲੇ ਅਤੇ ਇੱਥੋਂ ਤੱਕ ਕਿ ਜੜੀ-ਬੂਟੀਆਂ ਵਰਗੀਆਂ ਚੰਗੀਆਂ ਖਰੀਦਦਾਰੀ ਦੀਆਂ ਚੀਜ਼ਾਂ ਮਿਲ ਸਕਦੀਆਂ ਹਨ।

ਕਾਸਮੈਟਿਕ ਤੋਂ ਲੈ ਕੇ ਕੱਪੜਿਆਂ ਅਤੇ ਸਾੜੀਆਂ ਤੱਕ ਹਰ ਤਰ੍ਹਾਂ ਦਾ ਸਮਾਨ ਮਿਲਣ ਕਾਰਨ ਵੱਡੀ ਗਿਣਤੀ ਚ ਔਰਤਾਂ ਵੀ ਇਸ ਵਿਦਿਆਰਥੀ ਬਾਜ਼ਾਰ ਚ ਖਰੀਦਦਾਰੀ ਕਰਨ ਲਈ ਆਉਂਦੀਆਂ ਹਨ ਪਰ ਉਨ੍ਹਾਂ ਲਈ ਗੁਲਾਬੀ ਟਾਇਲਟ ਦਾ ਕੋਈ ਪ੍ਰਬੰਧ ਨਹੀਂ ਹੈ, ਜਿਸ ਕਾਰਨ ਉਨ੍ਹਾਂ ਨੂੰ ਕਾਫੀ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ । ਹਰੀਸ਼ੰਕਰ ਵਿਦਿਆਰਥੀ ਮਾਰਕੀਟ ਵਪਾਰ ਮੰਡਲ ਵੱਲੋਂ ਸਰਪ੍ਰਸਤ ਰਾਜੇਸ਼ ਕੁਮਾਰ ਭੱਲਾ ਦੀ ਅਗਵਾਈ ਹੇਠ ਔਰਤਾਂ ਲਈ ਪਾਰਕਿੰਗ ਸਮੇਤ ਗੁਲਾਬੀ ਪਖਾਨਿਆਂ ਦੀ ਸਮੱਸਿਆ ਦੇ ਹੱਲ ਲਈ ਯਤਨ ਜਾਰੀ ਹਨ, ਪਰ ਇਸ ਵਿੱਚ ਸਫਲਤਾ ਦਾ ਝੰਡਾ ਕਦੋਂ ਲਹਿਰਾਇਆ ਜਾਵੇਗਾ। ਸਮਾਂ ਹੀ ਦੱਸੇਗਾ।

# ਘੱਨਈਆ ਜੀ ਮਿਸ਼ਨ ਸੇਵਾ ਸੁਸਾਇਟੀ ਵੱਲੋ ਬੜੇ ਵੱਡੇ ਪੱਧਰ ਤੇ ਭਾਈ ਘੱਨਈਆ ਸਿੰਘ ਜੀ ਦੀ ਯਾਦ ਵਿਚ ਸ਼ੁਕਰਾਨਾ ਸਮਾਗਮ ਕਰਵਾਇਆ ਗਿਆ



ਲੁਧਿਆਣਾ (ਸੁਖਚੈਨ ਮਹਿਰਾ) ਭਾਈ ਘੱਨ□ਈਆ ਜੀ ਮਿਸ਼ਨ ਸੇਵਾ ਸੁਸਾਇਟੀ ਵੱਲੋ ਬੜੇ ਵੱਡੇ ਪੱਧਰ ਤੇ ਭਾਈ ਘੱਨ□ਈਆ ਸਿੰਘ ਜੀ ਦੀ ਯਾਦ ਵਿਚ ਸ਼ੁਕਰਾਨਾ ਸਮਾਗਮ ਗੁਰਦੁਆਰਾ ਸ਼ਹੀਦ ਬਾਬਾ ਦੀਪ ਸਿੰਘ ਜੀ ਮਾਡਲ ਟਾਊਨ ਐਕਸਟੈਨਸ਼ਨ ਵਿਖੇ ਕਰਵਾਇਆ ਗਿਆ ⇩ ਇਹਨਾਂ ਮਹਾਨ ਸਮਾਗਮਾਂ ਵਿੱਚ ਗਿਆਨੀ ਹਰਪ੍ਰੀਤ ਸਿੰਘ ਜੀ ਮੱਖੂ ਨੇ ਕਥਾ ਅਤੇ ਗੁਰਦੁਆਰਾ ਸਾਹਿਬ ਦੀ ਇਸਤਰੀ ਸਤਿਸੰਗ ਸਭਾ ਦੀਆਂ ਬੀਬੀਆਂ ਦੇ ਜੱਥੇ ਨੇ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕੀਤਾ ⇩ ਇਹਨਾਂ ਮਹਾਨ ਸਮਾਗਮਾਂ ਵਿੱਚ ਮਾਤਾ ਵਿਪਨਪ੍ਰੀਤ ਕੌਰ ਜੀ ਬਾਬਾ ਕੁੰਦਨ ਸਿੰਘ ਜੀ ਭਲਾਈ ਟਰੱਸਟ ਵਾਲੇ ਅਤੇ ਸਿੱਖ ਨੌਜਵਾਨ ਸੇਵਾ ਸੌਸਾਇਟੀ ਦੇ ਮੁੱਖ ਸੇਵਾਦਾਰ ਸਰਦਾਰ ਮਨਿੰਦਰ ਸਿੰਘ ਆਹੂਜਾ ਸੰਗਤਾਂ ਦੇ ਦਰਸ਼ਨ ਕਰਨ ਲਈ ਪੁੱਜੇ ⇩ ਭਾਈ ਘੱਨ□ਈਆ ਜੀ ਮਿਸ਼ਨ ਸੇਵਾ ਸੁਸਾਇਟੀ ਮੁੱਖ ਸੇਵਾਦਾਰ ਜੱਥੇਦਾਰ ਤਰਨਜੀਤ ਸਿੰਘ ਨਿਮਾਣਾ, ਭਾਈ ਹਰਪ੍ਰੀਤ ਸਿੰਘ ਮਖੂ, ਭਾਈ ਹਰਪਾਲ ਸਿੰਘ ਨਿਮਾਣਾ, ਪਰਵਿੰਦਰ ਸਿੰਘ ਗਿੰਦਰਾ, ਬੀਬੀ ਸਵਿੰਦਰਜੀਤ ਕੌਰ ਖਾਲਸਾ ਪ੍ਰਧਾਨ ਇਸਤਰੀ ਵਿੰਗ ਭਾਈ ਘੱਨਈਆ ਜੀ ਮਿਸ਼ਨ ਸੇਵਾ ਸੁਸਾਇਟੀ ਦੇ ਸਮੂਹ ਮੈਂਬਰ ਸਾਹਿਬਾਨਾਂ ਵੱਲੋ ਵਿਸ਼ੇਸ਼ ਤੌਰ ਤੇ ਸਿੱਖ ਨਿਜਵਾਨ ਸੇਵਾ ਸੌਸਾਇਟੀ ਦੇ ਮੁੱਖ ਸੇਵਾਦਾਰ ਸਰਦਾਰ ਮਨਿੰਦਰ ਸਿੰਘ ਆਹੂਜਾ ਜੀ ਦੀਆਂ ਸੇਵਾਵਾਂ ਨੂੰ ਦੇਖਦੇ ਹੋਏ ਵਿਸ਼ੇਸ਼ ਸਨਮਾਨ ਭਾਈ ਘੱਨ□ਈਆ ਸਿੰਘ ਜੀ ਸੇਵਾ ਅਵਾਰਡ ਨਾਲ ਸਨਮਾਨਿਤ ਕੀਤਾ ਗਿਆ ⇩ ਇਸ ਮੌਕੇ ਤੇ ਸਰਦਾਰ ਹਰਪ੍ਰੀਤ ਸਿੰਘ ਮੱਖੂ ਤੇ ਭਾਈ ਹਰਪਾਲ ਸਿੰਘ ਨਿਮਾਣਾ ਨੇ ਕਿਹਾ ਕਿ ਅਸੀਂ ਬਹੁਤ ਲੰਬੇ ਅਰਸੇ ਤੋਂ ਮਨਿੰਦਰ ਸਿੰਘ ਆਹੂਜਾ ਨੂੰ ਜਾਣਦੇ ਹਾਂ ⇩ ਇਸ ਵੀਰ ਦੀਆਂ ਸਿੱਖ ਕੌਮ ਅਤੇ ਪੰਥ ਪ੍ਰਤੀ ਅਣਥੱਕ ਸੇਵਾਵਾਂ ਹਨ ⇩ ਜਦੋ ਵੀ ਕਿਸੀ ਸੇਵਾ ਲਈ ਯਾਦ ਕਰੀਏ ਹਮੇਸ਼ਾਂ ਹਰ ਸਮੇਂ ਸੇਵਾ ਲਈ ਤਨ,ਮਨ ਅਤੇ ਧਨ ਨਾਲ ਹਾਜ਼ਰ ਹਨ ⇩ ਨੌਜਵਾਨ ਪੀੜੀ ਨੂੰ ਸੇਵਾ ਸਿਮਰਨ ਨਾਲ ਜੋੜਨ ਦੀਆਂ, ਸਿੱਖ ਸੰਗਤਾਂ ਨੂੰ ਚੁਪਹਿਰੇ ਸਾਹਿਬਾਨ ਨਾਲ ਬਾਣੀ ਬਾਣੇ ਨਾਲ ਜੋੜਨ ਦੀਆਂ ਸੇਵਾਵਾਂ, ਧਾਰਮਿਕ ,ਰਾਜਨੀਤਿਕ, ਸਮਾਜਿਕ ਖੇਤਰਾਂ ਵਿੱਚ ਸੇਵਾਵਾਂ ਅਣਥੱਕ ਹਨ ⇩ ਅਸੀਂ ਸਾਰੇ ਅਰਦਾਸ ਕਰਦੇ ਆਂ ਵਾਹਿਗੁਰੂ ਇਹਨਾਂ ਨੂੰ ਹੋਰ ਚੜ੍ਹਦੀਕਲਾ ਬਖ਼ਸ਼ਣ ਤਾਂ ਜੋ ਹੋਰ ਵੱਧ ਚੜ੍ਹ ਕੇ ਹਮੇਸ਼ਾਂ ਸਿੱਖ ਕੌਮ ਅਤੇ ਪੰਥ ਦੀ ਸੇਵਾ ਕਰਦੇ ਰਹਿਣ ⇩ ਸਰਦਾਰ ਮਨਿੰਦਰ ਸਿੰਘ ਆਹੂਜਾ ਜੀ ਨੇ ਦੱਸਿਆ ਕੇ ਭਾਈ ਘੱਨ□ਈਆ ਜੀ ਮਿਸ਼ਨ ਸੇਵਾ ਸੁਸਾਇਟੀ ਦੇ ਮੁੱਖ ਸੇਵਾਦਾਰ ਜੱਥੇਦਾਰ ਤਰਨਜੀਤ ਸਿੰਘ ਜੀ ਨਿਮਾਣਾ ਜੀ ਦੀਆਂ ਸੇਵਾਵਾਂ ਬਹੁਤ ਹੀ ਵੱਡੇ ਪੱਧਰ ਤੇ ਕਈ ਸਾਲਾ ਤੋਂ ਚੱਲ ਰਹੀਆਂ ਹਨ ⇩ ਸਾਲ ਵਿੱਚ ਪਤਾ ਨਹੀਂ ਕਿੰਨੇ ਹੀ ਮਹਾਨ ਖ਼ੂਨ ਦਾਨ ਕੈਂਪ ਲਗਾਕੇ ਕਈ ਮਨੁੱਖਾ ਦੀਆਂ ਜਾਨਾ ਬਚਾਈਆ ਜਾਂਦੀਆਂ ਹਨ ⇩ ਇਹ ਸਾਰੀ ਸੇਵਾ ਨਿਸ਼ਕਾਮ ਰੂਪ ਵਿੱਚ ਕੀਤੀ ਜਾਂਦੀ ਹੈ ⇩ ਇਸ ਮੋਕੇ ਤੇ ਬੀਬੀ ਅੰਮ੍ਰਿਤ ਕੌਰ, ਬੀਬੀ ਜਤਿੰਦਰ ਕੌਰ ਡੰਗ,ਗੁਰਪ੍ਰੀਤ ਸਿੰਘ ਰੋਮੀ, ਹਰਪ੍ਰੀਤ ਸਿੰਘ ਹੈਪੀ, ਮਨਿੰਦਰ ਸਿੰਘ ਲੱਕੀ ਰਾਣਾ ਸਿੰਘ ਅਤੇ ਭਾਈ ਘੱਨ□ਈਆ ਜੀ ਮਿਸ਼ਨ ਸੇਵਾ ਸੁਸਾਇਟੀ ਦੇ ਸਮੂਹ ਮੈਂਬਰ ਸਾਹਿਬਾਨ ਹਾਜਰ ਸਨ

# ਅਮਰ ਸ਼ਹੀਦ ਬਾਬਾ ਮੋਤੀ ਰਾਮ ਮਹਿਰਾ ਦੇ ਸ਼ਹੀਦੀ ਸਮਾਗਮ ਸਬੰਧੀ ਪ੍ਰਚਾਰ ਸਮੱਗਰੀ ਜਾਰੀ



ਲੁਧਿਆਣਾ( ਸੁਖਚੈਨ ਮਹਿਰਾ)ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਲਾਲਾਂ ਅਤੇ ਮਾਤਾ ਗੁਜਰ ਕੌਰ ਜੀ ਨੂੰ ਸੂਬਾ ਸਰਹਿੰਦ ਦੀ ਕੈਦ ਸਮੇਂ ਦੁੱਧ ਛਕਾਉਣ ਵਾਲੇ ਅਮਰ ਸ਼ਹੀਦ ਬਾਬਾ ਮੋਤੀ ਰਾਮ ਮਹਿਰਾ ਜੀ ਦਾ ਸਾਲਾਨਾ 21ਵਾਂ ਸ਼ਹੀਦੀ ਸਮਾਗਮ ਕਸ਼ਯਪ ਰਾਜਪੂਤ ਸੋਸ਼ਲ ਵੈੱਲਫੇਅਰ ਸੁਸਾਇਟੀ ਵਲੋਂ ਮੁੱਖ ਦਫ਼ਤਰ ਸ਼ਹੀਦ ਮੋਤੀ ਰਾਮ ਮਹਿਰਾ ਮੈਮੋਰੀਅਲ ਹਾਈ ਸਕੂਲ ਢਿੱਲੋਂ ਨਗਰ ਲੁਹਾਰਾ ਵਿਖੇ ਵੱਡੇ ਪੱਧਰ ਤੇ
ਮਨਾਉਣ ਲਈ ਪ੍ਰਚਾਰ ਸਮੱਗਰੀ ਜਾਰੀ ਕਰਨ ਸਬੰਧੀ ਅਹਿਮ ਮੀਟਿੰਗ ਚੇਅਰਮੈਨ ਨਿਰਮਲ ਸਿੰਘ ਐੱਸ. ਐੱਸ., ਪ੍ਰਧਾਨ ਬਲਦੇਵ ਸਿੰਘ ਦੋਸਾਂਝ ਦੀ ਅਗਵਾਈ ਹੇਠ ਕੀਤੀ ਗਈ। ਇਸ ਮੌਕੇ ਪ੍ਰਚਾਰ ਸਮੱਗਰੀ ਜਾਰੀ ਕਰਦੇ ਹੋਏ ਸੁਸਾਇਟੀ ਆਗੂਆਂ ਨੇ ਦੱਸਿਆ ਕਿ 28 ਫਰਵਰੀ ਨੂੰ ਸ੍ਰੀ ਅਖੰਡ ਪਾਠ ਅਰੰਭ ਕਰਵਾਏ ਜਾਣਗੇ ਅਤੇ 02 ਮਾਰਚ ਨੂੰ ਸ੍ਰੀ ਅਖੰਡ ਪਾਠ ਦੇ ਭੋਗ, ਉਪਰੰਤ ਪੰਥ ਪ੍ਰਸਿੱਧ ਰਾਗੀ/ਢਾਡੀ ਤੇ ਕੀਰਤਨੀ ਜਥਿਆਂ ਵਲੋਂ ਸ਼ਬਦ ਗੁਰਬਾਣੀ
ਦਾ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ ਜਾਵੇਗਾ। ਜ਼ਿਕਰਯੋਗ ਹੈ ਕਿ ਇਸ ਸਮਾਗਮ ਚ ਦੇਸ਼-ਵਿਦੇਸ਼ ਤੋਂ ਵੱਡੀ ਗਿਣਤੀ ਚ ਸੰਗਤਾਂ ਹਾਜ਼ਰ ਹੋ ਕੇ ਸ਼ਰਧਾ ਦਾ ਪ੍ਰਗਟਾਵਾ ਕਰਦੀਆਂ ਹਨ। ਮੀਟਿੰਗ ਚ ਬਲਦੇਵ ਸਿੰਘ ਲੁਹਾਰਾ, ਪ੍ਰਿੰਸੀਪਲ ਸਰਬਜੀਤ ਕੌਰ ,ਸੁਖਦੇਵ ਸਿੰਘ ਰਾਜ, ਸੁਰਜੀਤ ਸਿੰਘ , ਮੋਹਨ ਸਿੰਘ ਮਾਲੜਾ,ਗੁਰਚਰਨ ਸਿੰਘ ਮਾਲਵਾ,ਰਘੁਵੀਰ ਸਿੰਘ , ਤਜਿੰਦਰ ਸਿੰਘ ,ਬਲਬੀਰ ਸਿੰਘ , ਸੋਨੂੰ ਤੇ ਹੈਪੀ ਸਮੂਹ ਅਧਿਆਪਕ ਤੇ ਵੱਡੀ ਗਿਣਤੀ ਚ ਬਾਬਾ ਜੀ ਦੇ ਪੈਰੋਕਾਰ ਹਾਜ਼ਰ ਸਨ।

# ਰਮਜਾਨ ਦੇ ਪਵਿੱਤਰ ਮਹੀਨੇ ’ਚ ਰੋਜੇਦਾਰ ਬੰਦੀਆਂ ਨੂੰ ਮਿਲਣਗੀਆਂ ਵਿਸ਼ੇਸ਼ ਸਹੂਲਤਾਂ



ਲੁਧਿਆਣਾ:( *ਸੁਖਚੇਨ ਮਹਿਰਾ,ਨਰੇਸ਼ ਹੰਸ* ) ਅੱਜ ਜਾਮਾ ਮਸਜਿਦ ਲੁਧਿਆਣਾ ਦੇ ਪ੍ਰਧਾਨ ਮੁਹੰਮਦ ਮੁਸਤਕੀਮ ਨੇ ਸ਼ਾਹੀ ਇਮਾਮ ਪੰਜਾਬ ਮੌਲਾਨਾ ਮੁਹੰਮਦ ਉਸਮਾਨ ਲੁਧਿਆਣਵੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਪੰਜਾਬ ਦੇ ਜੇਲ ਮੰਤਰੀ ਸ੍ਰੀ ਲਾਲਜੀਤ ਸਿੰਘ ਭੁੱਲਰ ਨਾਲ ਉਨ੍ਹਾਂ ਦੇ ਘਰ ਪੱਟੀ ਵਿਖੇ ਖਾਸ ਮੁਲਾਕਾਤ ਕੀਤੀ ਅਤੇ ਉਨ੍ਹਾਂ ਨੂੰ ਇਕ ਮੰਗ ਪੱਤਰ ਦਿੱਤਾ। ਮੁਹੰਮਦ ਮੁਸਤਕੀਮ ਨੇ ਦੱਸਿਆ ਕਿ ਇਸ ਮੁਲਾਕਾਤ ਦੌਰਾਨ ਜੇਲ ਮੰਤਰੀ ਸ੍ਰੀ ਲਾਲਜੀਤ ਸਿੰਘ ਭੁੱਲਰ ਤੋਂ ਮੰਗ ਕੀਤੀ ਗਈ ਹੈ ਕਿ 1 ਮਾਰਚ ਯਾ 2 ਮਾਰਚ ਤੋਂ ਸ਼ੁਰੂ ਹੋ ਰਹੇ ਪਵਿੱਤਰ ਰਮਜ਼ਾਨ ਸ਼ਰੀਫ਼ ਦੇ ਮਹੀਨੇ ਨੂੰ ਲੈਕੇ ਪੰਜਾਬ ਭਰ ਦੀਆਂ ਜੇਲਾਂ ’ਚ ਰੋਜਾ ਰੱਖਣ ਵਾਲੇ ਬੰਦੀਆਂ ਨੂੰ ਮੁਸ਼ੱਕਤ ’ਚ ਇਕ ਮਹੀਨੇ ਲਈ ਵਿਸ਼ੇਸ਼ ਛੂਟ ਦਿੱਤੀ ਜਾਵੇ ਅਤੇ ਜੇਲਾਂ ’ਚ ਰੋਜਾ ਰੱਖਣ ਅਤੇ ਖੋਲਣ ਦੇ ਸਮੇਂ ਜੇਲ ਵਿਭਾਗ ਵਲੋਂ ਖਾਸ ਡਾਇਟ ਲਗਾਈ ਜਾਵੇ। ਇਸ ਮੌਕੇ ਜੇਲ ਮੰਤਰੀ ਸ੍ਰੀ ਲਾਲਜੀਤ ਸਿੰਘ ਭੁੱਲਰ ਨੇ ਕਿਹਾ ਕਿ ਉਹ ਇਸ ਸਬੰਧ ਵਿੱਚ ਜੇਲ ਵਿਭਾਗ ਦੇ ਡੀਜੀਪੀ ਨੂੰ ਹੁਕਮ ਜਾਰੀ ਕਰਨਗੇ ਕਿ ਰਮਜਾਨ ਦੇ ਮਹੀਨੇ ’ਚ ਕਿਸੇ ਵੀ ਰੋਜੇਦਾਰ ਬੰਦੀ ਨੂੰ ਕਿਸੇ ਵੀ ਤਰ੍ਹਾਂ ਦੀ ਪਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ। ਉਨਾਂ ਸ਼ਾਹੀ ਇਮਾਮ ਦੀ ਪ੍ਰਧਾਨਗੀ ਵਿਚ ਪਿਛਲੇ 20 ਸਾਲਾਂ ਤੋਂ ਸੂਬੇ ਭਰ ਦੀਆਂ ਜੇਲਾਂ ’ਚ ਰੋਜੇਦਾਰ ਬੰਦੀਆਂ ਲਈ ਵੰਡੀ ਜਾ ਰਹੀ ਸਮੱਗਰੀ ਅਤੇ ਈਦ ਦੇ ਕਪੜੇ ਦਿੱਤੇ ਜਾਣ ’ਤੇ ਖੁਸ਼ੀ ਦਾ ਇਜ਼ਹਾਰ ਕਰਦੇ ਹੋਏ ਧੰਨਵਾਦ ਕੀਤਾ। ਇਸ ਮੌਕੇ ’ਤੇ ਮੁਹੰਮਦ ਮੁਸਤਕੀਮ ਨੇ ਦੱਸਿਆ ਕਿ ਪਿਛਲੇ ਕਈ ਸਾਲਾਂ ਤੋਂ ਮੁਸਲਿਮ ਕੈਦੀਆਂ ਨੂੰ ਇਹ ਛੂਟ ਦਿੱਤੀ ਜਾ ਰਹੀ ਹੈ। ਉਨਾਂ ਦੱਸਿਆ ਕਿ ਜੇਲ ਮੰਤਰੀ ਸ੍ਰੀ ਲਾਲਜੀਤ ਸਿੰਘ ਭੁੱਲਰ ਨੇ ਵਫ਼ਦ ਨੂੰ ਭਰੋਸਾ ਦਿੱਤਾ ਹੈ ਕਿ ਰਮਜਾਨ ਦੇ ਪਵਿੱਤਰ ਮਹੀਨੇ ’ਚ ਰੋਜਾ ਰੱਖਣ ਵਾਲੇ ਸਾਰੇ ਬੰਦੀਆਂ ਨੂੰ ਖਾਸ ਸਹੂਲਤਾਂ ਦਿੱਤੀਆਂ ਜਾਣਗੀਆਂ। ਮੁਹੰਮਦ ਮੁਸਤਕੀਮ ਨੇ ਦੱਸਿਆ ਕਿ ਇਸ ਸਾਲ ਵੀ ਉਨਾਂ ਦੀ ਸੰਸਥਾ ਵਲੋਂ ਸੂਬੇ ਭਰ ਦੀਆਂ ਸਾਰੀਆਂ ਜੇਲਾਂ ’ਚ ਰੋਜੇਦਾਰ ਬੰਦੀਆਂ ਨੂੰ ਰੋਜਾ ਰੱਖਣ ਅਤੇ ਖੋਲਣ ਸੰਬੰਧੀ ਸਮੱਗਰੀ ਵੰਡੀ ਜਾਵੇਗੀ, ਜਿਸਦੇ ਨਾਲ ਧਾਰਮਿਕ ਕਿਤਾਬਾਂ ਵੀ ਵਿਸ਼ੇਸ਼ ਤੌਰ ’ਤੇ ਉਪਲੱਬਧ ਕਰਵਾਈਆਂ ਜਾਣਗੀਆਂ। ਉਨਾਂ ਕਿਹਾ ਕਿ ਸਾਡਾ ਟੀਚਾ ਜੇਲਾਂ ’ਚ ਬੰਦ ਲੋਕਾਂ ਨੂੰ ਮੁੱਖ ਧਾਰਾ ਨਾਲ ਜੋੜਨਾ ਹੈ ਤਾਂ ਜੋ ਉਹ ਆਪਣੀਆਂ ਗਲਤੀਆਂ ਤੋਂ ਤੌਬਾ ਕਰਕੇ ਸਮਾਜ ’ਚ ਇਕ ਚੰਗੇ ਇਨਸਾਨ ਦੀ ਤਰ੍ਹਾਂ ਜੀਵਨ ਗੁਜਾਰ ਸਕਣ।

# ਕਰਮਜੀਤ ਨੇ ਸੋਨੇ ਦੀ ਚੇਨ ਅਸਲੀ ਵਾਰਿਸ ਨੂੰ ਸੌਂਪ ਇਮਾਨਦਾਰੀ ਦੀ ਮਿਸਾਲ ਕਾਇਮ ਕੀਤੀ



ਸ਼ੇਰਪੁਰ , ( ਹਰਜੀਤ ਸਿੰਘ ਕਾਤਿਲ ) - ਸਥਾਨਕ ਏਕਤਾ ਮਾਰਕੀਟ ਵਿੱਚ ਬੁਟੀਕ ਦਾ ਕੰਮ ਕਰਨ ਵਾਲੀ ਮਹਿਲਾ ਕਰਮਜੀਤ ਕੌਰ ਪਤਨੀ ਲਖਵੀਰ ਸਿੰਘ ਨੰਬਰਦਾਰ ਵਾਸੀ ਮਾਹਮਦਪੁਰ ਨੇ ਇੱਕ ਤੋਲੇ ਤੋਂ ਵੱਧ ਸੋਨੇ ਦੀ ਲੱਭੀ ਚੇਨ ਉਸ ਦੇ ਅਸਲੀ ਵਾਰਸਾਂ ਨੂੰ ਵਾਪਸ ਕਰਕੇ ਇਮਾਨਦਾਰੀ ਦਾ ਸਬੂਤ ਦਿੱਤਾ। ਇਸ ਸਬੰਧੀ ਅਮਰਜੀਤ ਕੌਰ ਪਤਨੀ ਗੁਰਮੇਲ ਸਿੰਘ ਵਾਸੀ ਪਿੰਡ ਕਾਤਰੋਂ ਨੇ ਦੱਸਿਆ ਕਿ ਉਹ ਸ਼ੇਰਪੁਰ ਵਿਖੇ ਘਰੇਲੂ ਕੰਮ ਆਏ ਸਨ ਕਿ ਉਹਨਾਂ ਦੀ ਸੋਨੇ ਦੀ ਚੇਨ ਏਕਤਾ ਮਾਰਕੀਟ ਵਿੱਚ ਅਚਾਨਕ ਡਿੱਗ ਗਈ, ਜਿਸ ਬਾਰੇ ਉਨ੍ਹਾਂ ਤੁਰੰਤ ਸੋਸ਼ਲ ਮੀਡੀਆ ਤੇ ਪਵਾ ਦਿੱਤਾ । ਜਿਸ ਸਬੰਧੀ ਪਤਾ ਲੱਗਦਿਆਂ ਹੀ ਕਰਮਜੀਤ ਕੌਰ ਨੇ ਬਹੁਤ ਜਿਆਦਾ ਘਬਰਾਈ ਹੋਈ ਅਤੇ ਚੇਨ ਦੀ ਭਾਲ ਕਰ ਰਹੀ ਅਮਰਜੀਤ ਕੌਰ ਨੂੰ ਕਾਰਨ ਪੁੱਛਿਆ ਤਾਂ ਉਹਨਾਂ ਪੂਰਨ ਯਕੀਨ ਹੋਣ ਤੇ ਇਕ ਲੱਖ ਰੁਪਏ ਦੇ ਕਰੀਬ ਦੀ ਚੇਨ ਉਸਦੀ ਅਸਲ ਵਾਰਸ ਅਮਰਜੀਤ ਕੌਰ ਵਾਸੀ ਕਾਤਰੋਂ ਨੂੰ ਸੌਂਪ ਦਿੱਤੀ ਜਿਸ ਤੇ ਉਸ ਦੀਆਂ ਅੱਖਾਂ ਵਿੱਚ ਖੁਸ਼ੀ ਦੇ ਹੰਝੂ ਛਲਕ ਆਏ ਤੇ ਕਰਮਜੀਤ ਕੌਰ ਦਾ ਤਹਿ ਦਿਲੋਂ ਧੰਨਵਾਦ ਕੀਤਾ। ਉਸ ਦੀ ਇਲਾਕੇ ਦੇ ਲੋਕਾਂ ਵੱਲੋਂ ਸਲਾਘਾਂ ਕੀਤੀ ਜਾ ਰਹੀ ਹੈ । ਇਸ ਮੌਕੇ ਅਮਰਜੀਤ ਕੌਰ ਦਾ ਬੇਟਾ ਬਲਵਿੰਦਰ ਸਿੰਘ ਅਤੇ ਕਰਮਜੀਤ ਕੌਰ ਦੇ ਬੇਟੇ ਕਰਨਵੀਰ ਸਿੰਘ ਅਤੇ ਏਕਮਜੀਤ ਸਿੰਘ ਤੋਂ ਇਲਾਵਾ ਹੋਰ ਵੀ ਪਤਵੰਤੇ ਮੌਜੂਦ ਸਨ।

ਅਦਾਰਾ ਰੋਜ਼ਾਨਾ ਲੋਕ ਬਾਣੀ ਅਖਬਾਰ ਵਿੱਚ ਛਾਪੀਆਂ ਜਾਂਦੀਆ ਖਬਰਾਂ , ਰਿਪੋਰਟਾਂ , ਲੇਕ, ਕਹਾਣੀਆਂ, ਕਵਿਤਾਵਾ ਅਤੇ ਹਰ ਕਿਸਮ ਦੇ ਇਸ਼ਤਿਹਾਰ ਵਿੱਚ ਦਿੱਤੀ ਗਈ । ਸੂਚਨਾਂ, ਵਿਚਾਰ ਆਦਿ ਨਾਲ ਅਖਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਜ਼ਰੂਰੀ ਨਹੀਂ ਹੈ । ਇਸ ਅਖਬਾਰ ਵਿੱਚ ਛੱਪੇ ਇਸ਼ਤਿਹਾਰ ( ਡਿਸਪਲੇ, ਕਲਾਸੀਫਾਈਡ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜੰਮੇਵਾਰੀ ਨਹੀ ਲੈਂਦੇ ਕਿਉਂਕਿ ਅਖਬਾਰ ਇੰਨਾ ਨੂੰ ਤਸਦੀਕ ਨਹੀਂ ਕਰਦਾ ਪਾਠਕਾਂ/ਸ਼ੁਭ ਚਿੰਤਕਾ ਨੂੰ ਬੇਨਤੀ ਹੈ । ਕਿ ਉਹ ਇੰਨਾ ਇਸ਼ਤਿਹਾਰਾਂ ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਇੰਨਾਂ ਤੱਥਾਂ ਦੀ ਪੜਤਾਲ , ਪੁਸ਼ਟੀਕਰ ਲੈਣ।ਰੋਜ਼ਾਨਾਲੋਕ ਬਾਣੀ ਚ ਪ੍ਰਕਾਸ਼ਿਤ ਸੱਮਗਰੀ ਅਤੇ ਹੋਰ ਵਾਦ-ਵਿਵਾਦ ਸਬੰਧੀ ਕੇਸਾ ਦਾ ਨਿਪਟਾਰਾ ਸਿਰਫ ਜਲੰਧਰ ਕੋਰਟ ਵਿੱਚ ਹੀ ਹੋਵੇਗਾ, ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀ । ਖਬਰਾਂ ਪ੍ਰਤੀ ਜਿੰਮੇਵਾਰੀ ਪੱਤਰਕਾਰ ਦੀ ਹੋਵੇਗੀ ।

Daily Lok Bani(Punjabi) R.N.I. Punpun/29016/2008 Editor, owner, Printer , Publisher, Amandeep Mehra , Printed at Rachna Printers , Railway Road Jalandhar Place of Publication :308 Sangam Complex milap Chowk , Jalandhar (India), Contact No.: 0181-2211009, Fax : 2211009, Email id : lokbani08@gmail.com, Editormehra@gmail.com

# ਇਨਰ ਵ੍ਹੀਲ ਪੰਚਕੂਲਾ ਨੇ ਵਿਦਿਆਰਥੀਆਂ ਨੂੰ ਚੰਗੇ ਅੰਕ ਪ੍ਰਾਪਤ ਕਰਨ ਲਈ ਸੁਝਾਅ ਦਿੱਤੇ



ਚੰਡੀਗੜ੍ਹ (ਲੋਕ ਬਾਣੀ) । ਇਨਰ ਵ੍ਹੀਲ ਪੰਚਕੂਲਾ ਨੇ ਮਹਾਰਿਸ਼ੀ ਦਯਾਨੰਦ ਪਬਲਿਕ ਸਕੂਲ, ਐਮਡੀਏਵੀ ਭਵਨ, ਦਰਿਆ, ਚੰਡੀਗੜ੍ਹ ਦੇ ਸ਼੍ਰੀਮਤੀ ਸਿਕੰਦਰਾ ਦੇਵੀ ਮਲਟੀਮੀਡੀਆ ਹਾਲ ਵਿੱਚ ਵਿਦਿਆਰਥੀਆਂ ਨੂੰ ਪ੍ਰੀਖਿਆਵਾਂ ਦੀ ਤਿਆਰੀ ਲਈ ਸੁਝਾਅ ਦਿੱਤੇ। ਪ੍ਰੋਗਰਾਮ ਦੌਰਾਨ, ਸਿੱਖਿਆ ਮਾਹਿਰਾਂ, ਯੋਗ ਮਾਹਿਰਾਂ ਅਤੇ ਖੁਰਾਕ ਮਾਹਿਰਾਂ ਨੇ ਵਿਦਿਆਰਥੀਆਂ ਨੂੰ ਸੰਬੋਧਨ ਕੀਤਾ। ਇਨਰ ਵ੍ਹੀਲ ਪੰਚਕੂਲਾ ਦੇ ਪ੍ਰਧਾਨ ਅਤੇ ਰਾਓ ਅਕੈਡਮੀ ਦੇ ਡਾਇਰੈਕਟਰ ਅਤੇ ਪ੍ਰੇਰਕ ਬੁਲਾਰੇ ਬੇਨੂ ਰਾਓ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਸਕੂਲ ਵਿੱਚ ਹੋਣ ਵਾਲੇ ਪੀਰੀਅਡਾਂ ਵਾਂਗ, ਘਰ ਵਿੱਚ ਵੀ ਇੱਕ ਸਮਾਂ-ਸਾਰਣੀ ਬਣਾਈ ਜਾਣੀ ਚਾਹੀਦੀ ਹੈ। ਵਿਸ਼ੇ ਵਿੱਚ ਕਮਜ਼ੋਰੀ ਨੂੰ ਦੂਰ ਕਰਨ ਲਈ ਸਮਾਂ ਪ੍ਰਬੰਧਨ ਬਹੁਤ ਜ਼ਰੂਰੀ ਹੈ। ਹਰੇਕ ਵਿਸ਼ੇ ਦੀ ਤਿਆਰੀ ਪ੍ਰੀਖਿਆ ਤੋਂ ਪਹਿਲਾਂ ਕਰ ਲੈਣੀ ਚਾਹੀਦੀ ਹੈ। ਰੋਜ਼ਾਨਾ ਦੇ ਕੰਮਾਂ ਦੇ ਹਿੱਸੇ ਵਜੋਂ ਨਹਾਉਣਾ ਹਰ ਰੋਜ਼ ਕਰਨਾ ਚਾਹੀਦਾ ਹੈ। ਇਸ ਨਾਲ ਸਰੀਰ ਅਤੇ ਮਨ ਵਿੱਚ ਊਰਜਾ ਆਉਂਦੀ ਹੈ। ਧਿਆਨ ਕੇਂਦਰਿਤ ਕਰਨ ਲਈ ਧਿਆਨ ਵੀ ਬਹੁਤ ਜ਼ਰੂਰੀ ਹੈ। ਸੰਬੋਧਨ ਕਰਦਿਆਂ ਡਾਇਟੀਸ਼ੀਅਨ ਪ੍ਰੀਤੀ ਚੌਧਰੀ ਨੇ ਕਿਹਾ ਕਿ ਸਿਹਤਮੰਦ ਜੀਵਨ ਜਿਊਣ ਲਈ ਰੋਜ਼ਾਨਾ ਸਬਜ਼ੀਆਂ ਅਤੇ ਫਲਾਂ ਦਾ ਸੇਵਨ ਕਰਨਾ ਚਾਹੀਦਾ ਹੈ। ਉਸਨੇ ਜੰਗਾਲ ਅਤੇ ਤਲੇ ਹੋਏ ਭੋਜਨ ਖਾਣ ਤੋਂ ਮਨ੍ਹਾ ਕੀਤਾ। ਉਸਨੇ ਹਰ ਰੋਜ਼ ਦੁੱਧ ਪੀਣ ਦੀ ਸਲਾਹ ਦਿੱਤੀ।

ਪ੍ਰਿਆ ਸਿੰਘ ਨੇ ਕਿਹਾ ਕਿ ਹਰ ਵਿਸ਼ੇ ਨੂੰ ਸਮਾਂ ਦਿਓ। ਲਿਖਣ ਨਾਲ ਸਮਝ ਤੇਜ਼ ਹੁੰਦੀ ਹੈ। ਸਕੱਤਰ ਅਤੇ ਯੋਗ ਮਾਹਿਰ ਸੁਮਨ ਮੋਂਗਾ ਨੇ ਕਿਹਾ ਕਿ ਪ੍ਰੀਖਿਆ ਦੌਰਾਨ ਆਪਣੇ ਆਪ ਨੂੰ ਘਬਰਾਓ ਨਾ। ਉਨ੍ਹਾਂ ਕਿਹਾ ਕਿ ਜ਼ਿੰਦਗੀ ਜਿਊਣ ਲਈ ਅਧਿਆਪਕਾਂ ਦਾ ਸਤਿਕਾਰ ਕਰਨਾ ਬਹੁਤ ਜ਼ਰੂਰੀ ਹੈ। ਤਣਾਅ ਤੋਂ ਬਚਣ ਲਈ, ਲੰਬੇ ਅਤੇ ਡੂੰਘੇ ਸਾਹ ਲੈਣੇ ਚਾਹੀਦੇ ਹਨ ਅਤੇ ਸਾਹ ਛੱਡਣਾ ਚਾਹੀਦਾ ਹੈ। ਫ਼ੋਨ ਅਤੇ ਟੀਵੀ ਤੋਂ ਬਚੋ। ਪ੍ਰੀਖਿਆਵਾਂ ਨੂੰ ਤੂਫਾਨ ਨਾ ਸਮਝੋ ਸਗੋਂ ਜ਼ਿੰਦਗੀ ਦਾ ਇੱਕ ਸੁੰਦਰ ਅਧਿਆਇ ਸਮਝੋ। ਸਕੂਲ ਦੀ ਵਾਈਸ ਪ੍ਰਿੰਸੀਪਲ ਅੰਜੂ ਮੋਦਗਿਲ ਨੇ ਕਿਹਾ ਕਿ ਇਹ ਪ੍ਰੀਖਿਆਵਾਂ ਦਾ ਸਮਾਂ ਹੈ ਅਤੇ ਇਸ ਲਈ ਵਿਦਿਆਰਥੀਆਂ ਦਾ ਮਾਰਗਦਰਸ਼ਨ ਬਹੁਤ ਮਹੱਤਵਪੂਰਨ ਹੋ ਜਾਂਦਾ ਹੈ। ਇਨਰ ਵ੍ਹੀਲ ਪੰਚਕੂਲਾ ਯੂਨਿਟ ਦਾ ਧੰਨਵਾਦ ਕੀਤਾ। ਇਸ ਮੌਕੇ ਸਕੂਲ ਦੇ ਸਰਪ੍ਰਸਤ ਐਨਆਰਆਈ

# ਭਾਰੀ ਮੀਂਹ ਅਤੇ ਹਲਕੀ ਗੜੇਮਾਰੀ ਨਾਲ਼ ਮੌਸਮ ਇਕ ਵਾਰ ਫਿਰ ਤੋਂ ਹੋਇਆ ਠੰਡਾ



ਸ਼ੇਰਪੁਰ , (ਲੋਕ ਬਾਣੀ) ਪਿਛਲੇ ਕਰੀਬ ਇਕ ਹਫ਼ਤੇ ਤੋਂ ਗਰਮੀ ਦਾ ਅਹਿਸਾਸ ਹੋ ਰਿਹਾ ਸੀ ਅਤੇ ਮੌਸਮ ਵਿਭਾਗ ਵਲੋਂ 19 ਅਤੇ 20 ਫ਼ਰਵਰੀ ਨੂੰ ਤੇਜ਼ ਹਵਾਵਾਂ ਚੱਲਣ ਦੇ ਨਾਲ਼-ਨਾਲ਼ ਭਾਰੀ ਮੀਂਹ ਅਤੇ ਗੜੇਮਾਰੀ ਦੀ ਭਵਿੱਖਬਾਣੀ ਵੀ ਕੀਤੀ ਗਈ ਸੀ, ਅੱਜ ਕਸਬਾ ਸ਼ੇਰਪੁਰ ਵਿਖੇ ਤੇਜ਼ ਮੀਂਹ ਪੈਣ ਨਾਲ ਇਲਾਕੇ ਚ ਪਾਣੀ-ਪਾਣੀ ਹੋ ਗਿਆ । ਇਸ ਦੌਰਾਨ ਢੰਡਾ ਪੱਤੀ ਵਾਲੀ ਗਲੀ , ਥਿੰਦ ਪੱਤੀ , ਪੱਤੀ ਖਲੀਲ ਆਦਿ ਸੜਕਾਂ ਉੱਪਰ ਮੀਂਹ ਪੈਣ ਕਾਰਨ ਜਲਥਲ ਹੋ ਗਿਆ। ਸ਼ਾਮ ਤਕਰੀਬਨ 6:30 ਉਤੇ ਆਏ ਭਾਰੀ ਮੀਂਹ ਨਾਲ਼ ਮੌਸਮ ਇਕ ਵਾਰ ਫਿਰ ਤੋਂ ਠੰਡਾ ਹੋ ਗਿਆ ਹੈ ਅਤੇ ਤੇਜ਼ ਹਵਾਵਾਂ ਚੱਲਣ ਕਾਰਨ ਖੇਤਾਂ ਵਿਚ ਤਾਜ਼ਾ ਪਾਣੀ ਲੱਗੀਆਂ ਹੋਈਆਂ ਕਣਕ ਦੀਆਂ ਫ਼ਸਲਾਂ ਧਰਤੀ ਤੇ ਵਿਛ ਗਈਆਂ ਸਨ । ਉੱਧਰ ਖ਼ੇਤੀ ਮਾਹਿਰਾਂ ਅਤੇ ਕਿਸਾਨਾਂ ਦਾ ਮੰਨਣਾ ਹੈ ਕਿ ਅੱਜ ਦਾ ਇਹ ਮੀਂਹ ਕਣਕ ਦੀ ਖੇਤੀ ਲਈ ਲਾਹੇਵੰਦ ਸਾਬਤ ਹੋਵੇਗਾ । ਦੂਜੇ ਪਾਸੇ ਪਿੰਡ ਪੱਤੀ ਖਲੀਲ ਬੜੀ ਚੌਕ ਚ ਪਾਣੀ ਜਮਾ ਹੋਣ ਕਾਰਨ ਬਿਜਲੀ ਵਿਭਾਗ ਵੱਲੋਂ ਘਰਾਂ ਦੇ ਬਾਹਰ ਲਗਾਏ ਮੀਟਰਾਂ ਵਾਲੇ ਬਕਸਿਆ ਦਾ ਪਾਣੀ ਚ ਡੁੱਬਣ ਦਾ ਖਤਰਾ ਬਣਿਆ ਹੋਇਆ । ਇਲਾਕੇ ਦੇ ਸਮਾਜ ਸੇਵੀ ਲੋਕਾਂ ਵੱਲੋਂ ਸਮਾਂ ਰਹਿੰਦੇ ਹਾਦਸੇ ਤੋਂ ਪਹਿਲਾਂ ਇਹਨਾਂ ਬਕਸਿਆਂ ਨੂੰ ਉੱਚਾ ਚੁੱਕਣ ਦੀ ਬਿਜਲੀ ਵਿਭਾਗ ਨੂੰ ਅਪੀਲ ਕੀਤੀ ਗਈ ਹੈ ।

# ਸਰਕਾਰੀ ਮੁਲਾਜ਼ਮ ਬਣ ਕੇ 42.60 ਲੱਖ ਰੁਪਏ ਰਿਸ਼ਵਤ ਲੈਣ ਵਾਲਾ ਵਿਅਕਤੀ ਵਿਜੀਲੈਂਸ ਬਿਊਰੋ ਵੱਲੋਂ ਕਾਬੂ



ਚੰਡੀਗੜ੍ਹ, ਲੁਧਿਆਣਾ (ਸੁਖਚੈਨ ਮਹਿਰਾ)

ਪੰਜਾਬ ਵਿਜੀਲੈਂਸ ਬਿਊਰੋ ਨੇ ਭ੍ਰਿਸ਼ਟਾਚਾਰ ਵਿਰੁੱਧ ਚਲਾਈ ਮੁਹਿੰਮ ਦੌਰਾਨ ਇੱਕ ਆਮ ਵਿਅਕਤੀਜਗਤ ਰਾਮ, ਵਾਸੀ ਮੁੱਲਾਪੁਰ ਦਾਖਾ, ਜ਼ਿਲ੍ਹਾ ਲੁਧਿਆਣਾ ਨੂੰ ਸਰਕਾਰੀ ਅਧਿਕਾਰੀ ਬਣ ਕੇ 42.60 ਲੱਖ ਰੁਪਏ ਰਿਸ਼ਵਤ ਲੈਣ ਦੇ ਦੋਸ਼ ਵਿੱਚ ਗ੍ਰਿਫ਼ਤਾਰ ਕੀਤਾ ਹੈ।

ਅੱਜ ਇਹ ਖੁਲਾਸਾ ਕਰਦੇ ਹੋਏ, ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਮੁਲਜ਼ਮ ਵਿਰੁੱਧ ਇਹ ਕੇਸ ਸ਼ਿਕਾਇਤਕਰਤਾ ਰਾਕੇਸ਼ ਸਚਦੇਵਾ, ਵਾਸੀ ਐਸ.ਬੀ.ਐਸ. ਨਗਰ, ਪੱਖੋਵਾਲ ਰੋਡ, ਲੁਧਿਆਣਾ ਵੱਲੋਂ ਮੁੱਖ ਮੰਤਰੀ ਦੀ ਭ੍ਰਿਸ਼ਟਾਚਾਰ ਵਿਰੋਧੀ ਐਕਸ਼ਨ ਲਾਈਨ ਉਪਰ ਭੇਜੀ ਗਈ ਸ਼ਿਕਾਇਤ ਦੇ ਆਧਾਰ ’ਤੇ ਦਰਜ ਕੀਤਾ ਗਿਆ ਹੈ।

ਸ਼ਿਕਾਇਤਕਰਤਾ ਨੇ ਦੋਸ਼ ਲਗਾਇਆ ਕਿ ਉਕਤ ਜਗਤ ਰਾਮ ਨੇ ਲੁਧਿਆਣਾ ਇੰਪਰੂਵਮੈਂਟ ਟਰੱਸਟ (ਐਲ.ਆਈ.ਟੀ.) ਕੋਲ ਉਸਦੇ ਲੰਬਿਤ ਪਏ ਇਤਰਾਜ਼ਹੀਣਤਾ ਸਰਟੀਫਿਕੇਟ (ਐਨ.ਓ.ਸੀ.) ਦਿਵਾਉਣ ਲਈ ਉਸ ਕੋਲੋਂ 42.60 ਲੱਖ ਰੁਪਏ ਦੀ ਰਿਸ਼ਵਤ ਲਈ ਸੀ।

ਸ਼ਿਕਾਇਤ ਦੇ ਅਨੁਸਾਰ ਰਾਕੇਸ਼ ਸਚਦੇਵਾ ਲੁਧਿਆਣਾ ਦੀ ਏ.ਸੀ. ਮਾਰਕੀਟ ਵਿੱਚ ਇੱਕ ਕੱਪੜੇ ਦੀ ਦੁਕਾਨ ਚਲਾਉਂਦਾ ਹੈ। ਉਸ ਨੇ ਸਾਲ 2017, 2019 ਅਤੇ 2022 ਵਿੱਚ ਐਲ.ਆਈ.ਟੀ. ਦੀ ਐਲ.ਡੀ.ਪੀ. ਸਕੀਮ ਤਹਿਤ ਤਿੰਨ ਜਾਇਦਾਦਾਂ ਖਰੀਦੀਆਂ ਸਨ। ਉਸਨੇ ਜਾਇਦਾਦਾਂ ਨੂੰ ਆਪਣੇ ਨਾਮ ’ਤੇ ਤਬਦੀਲ ਕਰਨ ਲਈ ਐਨ.ਓ.ਸੀ. ਪ੍ਰਾਪਤ ਕਰਨ ਵਾਸਤੇ ਐਲ.ਆਈ.ਟੀ. ਨੂੰ ਸਾਰੇ ਸੰਬੰਧਿਤ ਦਸਤਾਵੇਜ਼ ਜਮ੍ਹਾਂ ਕਰਵਾ ਦਿੱਤੇ ਸਨ ਪਰ ਉਸ ਦੇ ਬਾਵਜੂਦ ਵੀ ਉਸ ਨੂੰ ਕੋਈ ਸਰਟੀਫੀਕੇਟ ਨਹੀਂ ਮਿਲਿਆ। ਇਸੇ ਦੌਰਾਨ ਉਹ ਜਗਤ ਰਾਮ ਨੂੰ ਮਿਲਿਆ ਜਿਸਨੇ ਖੁਦ ਨੂੰ ਐਲ.ਆਈ.ਟੀ. ਦੇ ਇੱਕ ਕਰਮਚਾਰੀ ਵਜੋਂ ਪੇਸ਼ ਕੀਤਾ ਅਤੇ ਚੰਡੀਗੜ੍ਹ ਵਿੱਚ ਇੱਕ ਸੀਨੀਅਰ ਅਧਿਕਾਰੀ ਦਾ ਨਿੱਜੀ ਸਕੱਤਰ ਹੋਣ ਦਾ ਦਾਅਵਾ ਕੀਤਾ। ਮੁਲਜ਼ਮ ਨੇ ਸ਼ਿਕਾਇਤਕਰਤਾ ਨੂੰ ਭਰੋਸਾ ਦਿੱਤਾ ਕਿ ਉਹ ਐਨ.ਓ.ਸੀ. ਦਾ ਪ੍ਰਬੰਧ ਕਰ ਸਕਦਾ ਹੈ ਪਰ ਬਦਲੇ ਵਿੱਚ ਉਸਨੇ ਰਿਸ਼ਵਤ ਦੀ ਮੰਗ ਕੀਤੀ।

ਸਚਦੇਵਾ ਨੇ ਅੱਗੇ ਦੱਸਿਆ ਕਿ ਜਗਤ ਰਾਮ ਨੇ ਉਸ ਤੋਂ ਦੋ ਸਾਲਾਂ ਦੌਰਾਨ ਕਿਸ਼ਤਾਂ ‘ਚ ਕੁੱਲ 42.60 ਲੱਖ ਰੁਪਏ ਰਿਸ਼ਵਤ ਲਈ ਪਰ ਕੀਤੇ ਵਾਅਦੇ ਅਨੁਸਾਰ ਕੋਈ ਵੀ ਐਨ.ਓ.ਸੀ. ਉਪਲਬਧ ਨਹੀਂ ਕਰਵਾਇਆ। ਅੰਤ ਵਿੱਚ ਉਸਨੂੰ ਪਤਾ ਲੱਗਾ ਕਿ ਜਗਤ ਰਾਮ ਲੁਧਿਆਣਾ ਇੰਪਰੂਵਮੈਂਟ ਟਰੱਸਟ (ਐਲ.ਆਈ.ਟੀ.) ਦਾ ਕਰਮਚਾਰੀ ਨਹੀਂ ਸਗੋਂ ਇੱਕ ਆਮ ਵਿਅਕਤੀ ਹੈ ਜੋ ਚੰਡੀਗੜ੍ਹ ਵਿੱਚ ਤਾਇਨਾਤ ਸੀਨੀਅਰ ਅਧਿਕਾਰੀ ਅਤੇ ਐਲ.ਆਈ.ਟੀ. ਦੇ ਅਧਿਕਾਰੀਆਂ/ਕਰਮਚਾਰੀਆਂ ਦੇ ਨਾਮ ’ਤੇ ਰਿਸ਼ਵਤ ਲੈ ਰਿਹਾ ਹੈ। ਇੱਕ ਦੋਸਤ ਦੀ ਮਦਦ ਨਾਲ ਸ਼ਿਕਾਇਤਕਰਤਾ ਨੇ ਜਗਤ ਰਾਮ ਨਾਲ ਕੀਤੀ ਗੱਲਬਾਤ ਰਿਕਾਰਡ ਕਰ ਲਈ ਜਿਸ ਵਿੱਚ ਉਸ ਨੇ 37 ਲੱਖ ਰੁਪਏ ਰਿਸ਼ਵਤ ਲੈਣ ਦੀ ਗੱਲ ਕਬੂਲੀ ਹੈ।

ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਅੱਗੇ ਕਿਹਾ ਕਿ ਇਸ ਸ਼ਿਕਾਇਤ ਦੀ ਤਸਦੀਕ ਦੌਰਾਨ ਮੌਖਿਕ, ਆਡੀਓ ਅਤੇ ਦਸਤਾਵੇਜ਼ੀ ਸਬੂਤਾਂ ਦੇ ਆਧਾਰ ਉਤੇ ਲੱਗੇ ਦੋਸ਼ ਸੱਚੇ ਪਾਏ ਗਏ। ਜਾਂਚ ਤੋਂ ਪਤਾ ਲੱਗਾ ਕਿ ਮੁਲਜ਼ਮ ਨੇ ਗੂਗਲ ਪੇਅ ਰਾਹੀਂ 3.90 ਲੱਖ ਰੁਪਏ ਸਮੇਤ ਕੁੱਲ 42.60 ਲੱਖ ਰੁਪਏ ਰਿਸ਼ਵਤ ਵਜੋਂ ਲਏ ਸਨ। ਪੜਤਾਲੀਆ ਰਿਪੋਰਟ ਦੇ ਆਧਾਰ ’ਤੇ ਉਕਤ ਮੁਲਜ਼ਮ ਵਿਰੁੱਧ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਵਿਜੀਲੈਂਸ ਬਿਊਰੋ ਦੇ ਥਾਣਾ ਲੁਧਿਆਣਾ ਰੇਂਜ ਵਿਖੇ ਮੁਕੱਦਮਾ ਦਰਜ ਕੀਤਾ ਗਿਆ ਹੈ। ਜਗਤ ਰਾਮ ਨੂੰ ਕੱਲ੍ਹ ਸਮਰੱਥ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਅਗਲੇਰੀ ਜਾਂਚ ਦੌਰਾਨ ਲੁਧਿਆਣਾ ਇੰਪਰੂਵਮੈਂਟ ਟਰੱਸਟ (ਐਲ.ਆਈ.ਟੀ.) ਦੇ ਕਰਮਚਾਰੀਆਂ ਦੀ ਭੂਮਿਕਾ ਦੀ ਵੀ ਜਾਂਚ ਕੀਤੀ ਜਾਵੇਗੀ।

# ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਪ੍ਰਭਜੋਤ ਮਾਡਰਨ ਹਾਈ ਸਕੂਲ ਵਿਖੇ ਮੁਫ਼ਤ ਕਾਨੂੰਨੀ ਸੇਵਾਵਾਂ ਅਤੇ ਆਵਾਜਾਈ ਜਾਗਰੂਕਤਾ ਸੈਮੀਨਾਰ ਆਯੋਜਿਤ




ਪਟਿਆਲਾ (ਲੋਕ ਬਾਣੀ)

ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਦੀ ਸਰਪ੍ਰਸਤੀ ਅਤੇ ਮਾਣਯੋਗ ਮੈਡਮ ਰੁਪਿੰਦਰਜੀਤ ਚਾਹਲ ਜ਼ਿਲਾ ਸੈਸਨ ਜੱਜ ਕਮ ਚੇਅਰਮੈਨ ਅਤੇ ਦੀਪਤੀ ਗੋਇਲ ਚੀਫ਼ ਜੁਡੀਸ਼ਅਲ ਮੈਜਿਸਟਰੇਟ ਕਮ ਸੈਕਟਰੀ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਪਟਿਆਲਾ ਵਲੋਂ ਸਿੱਖਿਆ ਵਿਭਾਗ, ਟ੍ਰੈਫਿਕ ਐਜੂਕੇਸ਼ਨ ਸੈਲ ਪਟਿਆਲਾ, ਜ਼ਿਲ੍ਹਾ ਸਾਂਝ ਕੇਂਦਰ ਦੇ ਸਹਿਯੋਗ ਨਾਲ ਇੱਕ ਮੁਫ਼ਤ ਕਾਨੂੰਨੀ ਸੇਵਾਵਾਂ ਸੈਮੀਨਾਰ ਪ੍ਰਭਜੋਤ ਮਾਰਡਨ ਹਾਈ ਸਕੂਲ, ਬੰਨਾ ਰੋਡ, ਪਟਿਆਲਾ ਵਿਖੇ ਆਯੋਜਿਤ ਕੀਤਾ ਗਿਆ।

ਸੈਮੀਨਾਰ ਵਿੱਚ ਉੱਘੇ ਸਮਾਜਸੇਵੀ ਭਗਵਾਨ ਦਾਸ ਗੁਪਤਾ, ਪੈਰਾ ਲੀਗਲ ਵਲੰਟੀਅਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਪਟਿਆਲਾ ਵਲੋਂ ਮੁਫ਼ਤ ਕਾਨੂੰਨੀ ਸੇਵਾਵਾਂ ਅਤੇ ਲੋਕ ਅਦਾਲਤਾਂ ਦੇ ਲਾਭ ਬਾਰੇ ਦੱਸਿਆ।

ਭਗਵਾਨ ਦਾਸ ਗੁਪਤਾ ਨੇ ਅਥਾਰਟੀ ਵੱਲੋਂ ਦਿੱਤੀਆਂ ਜਾਂਦੀਆਂ ਮੁਫ਼ਤ ਕਾਨੂੰਨੀ ਸੇਵਾਵਾਂ ਅਤੇ ਪੰਜਾਬ ਵਿਕਟਿਮ ਕੰਪਨਸੇਸ਼ਨ ਸਕੀਮ-2017, ਮੁਫ਼ਤ ਕਾਨੂੰਨੀ ਸਹਾਇਤਾ ਲਈ ਟੋਲ ਫਰੀ ਨੰਬਰ 15100 ਬਾਰੇ ਦੱਸਿਆ ਤੇ 8 ਮਾਰਚ 2025 ਨੂੰ ਲੱਗਣ ਜਾ ਰਹੀ ਨੈਸ਼ਨਲ ਲੋਕ ਅਦਾਲਤ ਬਾਰੇ ਵੀ ਜਾਣਕਾਰੀ ਦਿੱਤੀ।ਓਹਨਾਂ ਨੇ ਆਵਾਜਾਈ ਨਿਯਮਾਂ ਬਾਰੇ ਵੀ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ।
ਸਕੂਲ ਦੇ ਪ੍ਰਿੰਸੀਪਲ ਨਵਦੀਪ ਕੁਮਾਰ ਨੇ ਲੋਕਾਂ ਨੂੰ ਮੁਫ਼ਤ ਕਾਨੂੰਨੀ ਸੇਵਾਵਾਂ ਦਾ ਵੱਧ ਤੋਂ ਵੱਧ ਲਾਭ ਉਠਾਉਣ ਅਤੇ ਟਰੈਫਿਕ ਨਿਯਮਾਂ ਦੀ ਪਾਲਣਾ ਕਰਨ ਲਈ ਪ੍ਰੇਰਿਤ ਕੀਤਾ।
ਸੈਮੀਨਾਰ ਵਿੱਚ ਹੋਰਨਾਂ ਤੋਂ ਇਲਾਵਾ ਪ੍ਰਿੰਸੀਪਲ ਨਵਦੀਪ ਕੁਮਾਰ, ਅਮਨਪ੍ਰੀਤ ਕੌਰ, ਸੁਰਿੰਦਰ ਕੌਰ, ਮਨਿੰਦਰ ਸਿੰਘ, ਗੁਰਪ੍ਰੀਤ ਕੌਰ, ਅੰਜੂ ਰਾਣੀ, ਪਰਮਿੰਦਰ ਕੌਰ, ਸਮੂੰਹ ਮੁਲਾਜ਼ਮਾਂ ਅਤੇ ਵਰਕਰਾਂ ਨੇ ਵੀ ਭਾਗ ਲਿਆ।

# 20 ਸਾਲਾ ਸ਼ਾਦੀਸ਼ੁਦਾ ਔਰਤ ਹੋਈ ਲਾਪਤਾ



ਅੰਮ੍ਰਿਤਸਰ,(ਲੋਕ ਬਾਣੀ) ਕਰੀਬ 20 ਸਾਲਾ ਸ਼ਾਦੀਸ਼ੁਦਾ ਔਰਤ ਸਿਮਰਨਪਾਲ ਭੇਦ ਭਰੇ ਹਾਲਾਤਾਂ ਵਿੱਚ ਗੁੰਮ ਹੋ ਗਈ। ਸਿਮਰਨਪਾਲ ਦੇ ਪਤੀ ਮਨਦੀਪ ਸਿੰਘ ਪੁੱਤਰ ਲਕਸ਼ਮੀ ਪ੍ਰਸਾਦ ਸਿੰਘ ਵਾਸੀ ਲਕਛਮੀ ਵਿਹਾਰ, ਨਜਦੀਕ ਨਿਰੰਕਾਰੀ ਭਵਨ,ਮਜੀਠਾ ਰੋਡ, ਅੰਮ੍ਰਿਤਸਰ ਨੇ ਜਾਣਕਾਰੀ ਦੌਰਾਨ ਦੱਸਿਆ ਕਿ ਉਸ ਦੀ ਪਤਨੀ 12 ਜਨਵਰੀ 2025 ਦੀ ਰਾਤ ਨੂੰ ਬਿਨਾਂ ਦੱਸੇ ਕਿਤੇ ਚਲੀ ਗਈ ਹੈ ਉਨਾ ਕਿਹਾ ਕਿ ਸਿਮਰਨਪਾਲ ਮਤ ਤੋਂ ਨਿਆਣੀ ਹੈ।
ਇਸ ਸਬੰਧੀ 7 ਫਰਵਰੀ 2025 ਨੂੰ ਸਬੰਧੀ ਥਾਣਾ ਸਦਰ ਵਿਖੇ ਰਿਪੋਰਟ ਵੀ ਦਰਜ ਕਰਵਾਈ ਗਈ। ਪਰ ਉਸ ਦਾ ਅੱਜ ਤੱਕ ਪਤਾ ਨਹੀਂ ਚੱਲਿਆ। ਮਨਦੀਪ ਸਿੰਘ ਮੋਨੂ ਨੇ ਪੁਲਿਸ ਪ੍ਰਸ਼ਾਸਨ ਨੂੰ ਅਪੀਲ ਕਰਦੇ ਹੋਏ ਕਿਹਾ ਕਿ ਉਸ ਤੇ ਲਾਪਤਾ ਪਤਨੀ ਦਾ ਪਤਾ ਲਗਾਉਣ ਵਿੱਚ ਸਹਾਇਤਾ ਕੀਤੀ ਜਾਵੇ।

# ਬੇਹਤਰੀਨ ਕਾਰਗੁਜ਼ਾਰੀਆਂ ਦੇ ਸਦਕਾ ਡਾ.ਐਚ.ਪੀ.ਐਸ ਮਿਗਲਾਨੀ ਫੈਲੋਸ਼ਿਪ ਅਵਾਰਡ ਨਾਲ ਸਨਮਾਨਿਤ




ਅੰਮ੍ਰਿਤਸਰ,(ਲੋਕ ਬਾਣੀ) ਸਫਲ ਨਾਮਵਰ ਸਰਜਰੀਆਂ ਦੇ ਚੱਲਦਿਆਂ ਮਿਗਲਾਨੀ ਹਸਪਤਾਲ,ਸਾਹਮਣੇ ਸ਼ਿਵਾਲਾ ਮੰਦਰ ਗੇਟ,ਬਟਾਲਾ ਰੋਡ, ਅੰਮ੍ਰਿਤਸਰ ਦੇ ਡਾ. ਐਚ.ਪੀ.ਐਸ ਮਿਗਲਾਨੀ ਨੂੰ ਦੇਸ਼ ਵਿਦੇਸ਼ਾਂ ਵਿੱਚ ਵੱਖ-ਵੱਖ ਮੈਡੀਕਲ,ਧਾਰਮਿਕ ਤੇ ਸਮਾਜਿਕ ਸੰਸਥਾਵਾਂ ਵੱਲੋਂ ਸਨਮਾਨਿਤ ਕੀਤਾ ਜਾ ਚੁੱਕਾ ਹੈ। ਇਸ ਲੜੀ ਦੇ ਚੱਲਦਿਆਂ ਹੀ ਪਿਡਿਐਟਿ□ਕ ਲੈਪੋਸਕੋਪੀ ਸਰਜਨ ਆਫ ਇੰਡੀਆ ਵੱਲੋਂ ਕੋਚੀਨ ਵਿਖੇ ਆਯੋਜਿਤ ਕਾਨਫਰੰਸ ਦੇ ਵਿੱਚ ਡਾ.ਮਿਗਲਾਨੀ ਨੂੰ ਫੈਲੋਸ਼ਿਪ ਅਵਾਰਡ 2025 ਦੇ ਕੇ ਸਨਮਾਨਿਤ ਕੀਤਾ ਗਿਆ। ਪਿਡਿਐਟਿ□ਕ ਲੈਪੋਸਕੋਪੀ ਆਫ ਇੰਡੀਆ ਦੇ ਸੈਕਸ਼ਨ ਆਫ ਇੰਡੀਅਨ ਆਫ ਪੀਡਿਐਟਿ□ਕ ਐਸੋਸੀਏਸ਼ਨ ਦੇ ਅਧੀਨ ਆਉਂਦੇ ਭਾਰਤ ਦੇ ਕਰੀਬ 450 ਸਰਜਨ ਐਸੋਸੀਏਸ਼ਨ ਦੇ ਪ੍ਰੋਗਰਾਮ ਦਾ ਹਿੱਸਾ ਬਣੇ।

ਡਾ.ਐਚ.ਪੀ.ਐਸ ਮਿਗਲਾਨੀ ਨੇ ਦੱਸਿਆ ਕਿ ਪ੍ਰੋਗਰਾਮ ਦੇ ਵਿੱਚ ਦੂਰਬੀਨ ਜਰੀਏ ਸਰਜਰੀਆਂ ਕਰਨ ਵਾਲੇ ਮਾਹਿਰ ਡਾਕਟਰਾਂ ਵੱਲੋਂ ਜਿੱਥੇ ਇੱਕ ਦੂਸਰੇ ਦੇ ਵਿੱਚ ਆਪਣੇ ਤਜਰਬੇ ਨੂੰ ਵੰਡਿਆ ਗਿਆ ਉੱਥੇ ਸੰਸਥਾ ਦੇ ਵਿੱਚ ਵਧੀਆ ਸੇਵਾਵਾਂ ਤੇ ਕਾਰਗੁਜ਼ਾਰੀ ਕਰਨ ਵਾਲੇ ਸਰਜਨਾਂ ਦੇ ਕੰਮ ਕਾਜ ਦੀ ਸਰਾਹਨਾ ਕਰਦੇ ਹੋਏ ਫੈਲੋਸ਼ਿਪ ਅਵਾਰਡ ਦੇ ਕੇ ਸਨਮਾਨਿਤ ਵੀ ਕੀਤਾ ਗਿਆ। ਉਹਨਾਂ ਦੱਸਿਆ ਕਿ ਪ੍ਰੋਗਰਾਮ ਦੇ ਦੌਰਾਨ ਸੀਨੀਅਰ ਲੈਪਸਕੋਪੀ ਸਰਜਨ ਡਾ.ਅਨੀਰੁਧ ਸ਼ਾਹ ਨੂੰ ਲਾਈਫ ਟਾਈਮ ਅਚੀਵਮੈਂਟ ਅਵਾਰਡ ਨਾਲ ਉਚੇਚੇ ਤੌਰ ਤੇ ਸਨਮਾਨਿਤ ਕੀਤਾ ਗਿਆ। ਪ੍ਰੋਗਰਾਮ ਦੇ ਦੌਰਾਨ ਐਸੋਸੀਏਸ਼ਨ ਦੇ ਚੇਅਰਪ੍ਰਸਨ ਡਾ.ਪ੍ਰਕਾਸ਼ ਅਗਰਵਾਲ,ਆਨਰੇਰੀ ਸੈਕਟਰੀ ਡਾ.ਐਂਟੋਨੀ ਰੋਬਟਸ ਚਾਲਰਜ਼, ਡਾ.ਰਵੀ ਰਾਮਾਦੁਆਰ,ਡਾ.ਰਸ਼ੀਕ ਸ਼ਾਹ, ਡਾ.ਰਸਮੀਕ ਸਿੰਘ,ਡਾ.ਮੋਹਨ ਇਬਰਾਹਿਮ,ਡਾ.ਰਵੀ ਕਨੋਜੀਆ,ਡਾ. ਕਿਸ਼ੋਰ ਪੰਜਵਾਨੀ,ਡਾ.ਰਜਿੰਦਰ ਸਾਊ ਜੀ ਵੀ ਵਿਸ਼ੇਸ਼ ਤੌਰ ਤੇ ਮੌਜੂਦ ਸਨ।

# ਨਵੀਆਂ ਕਲਮਾਂ ਨਵੀਂ ਉਡਾਣ ਦਾ ਕੈਲੰਡਰ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਧੁੱਪਸੜੀ ਜਿਲਾ ਗੁਰਦਾਸਪੁਰ ਦੇ ਪ੍ਰਿੰਸੀਪਲ,ਸਟਾਫ ਮੈਂਬਰਾਂ ਤੇ ਸਕੂਲ ਦੇ ਬਾਲ ਲੇਖਕਾਂ ਵੱਲੋਂ ਕੀਤਾ ਗਿਆ ਰਿਲੀਜ਼





ਫ਼ਗਵਾੜਾ (ਸੁਸ਼ੀਲ ਸ਼ਰਮਾ) ਸੁੱਖੀ ਬਾਠ ਸੰਸਥਾਪਕ ਪੰਜਾਬ ਭਵਨ ਸਰੀ ਕੈਨੇਡਾ ਵੱਲੋਂ ਸ਼ੁਰੂ ਕੀਤੇ ਪ੍ਰੋਜੈਕਟ ਨਵੀਆਂ ਕਲਮਾਂ ਨਵੀਂ ਉਡਾਣ ਦਾ ਸਾਲ 2025 ਦਾ ਕੈਲੰਡਰ ਸਰਕਾਰੀ ਸੀਨੀਅਰ ਸਕੈਂਡਰੀ ਸਮਾਰਟ ਸਕੂਲ ਧੁੱਪਸੜੀ ਜ਼ਿਲਾ ਗੁਰਦਾਸਪੁਰ ਵਿਖੇ ਪ੍ਰਿੰਸੀਪਲ ਕਮ ਬੀ.ਐ.ਓ. ਸ਼੍ਰੀਮਤੀ ਪਰਮਜੀਤ ਕੌਰ,ਲੈਕਚਰਾਰ ਪਵਨ ਕੁਮਾਰ, ਲੈਕਚਰਾਰ ਗਗਨਦੀਪ ਸਿੰਘ,ਲੈਕਚਰਾਰ ਦਵਿੰਦਰ ਸਿੰਘ,ਲੈਕਚਰਾਰ ਸੁੱਖਵੰਤ ਸਿੰਘ,ਨਰਿੰਦਰ ਕੁਮਾਰ,ਸੰਦੀਪ ਕੁਮਾਰ,ਸੁਖਵਿੰਦਰ ਕੌਰ,ਜਗਰੂਪ ਕੌਰ ਤੇ ਬਾਲ ਲੇਖਕਾਂ ਵੱਲੋਂ ਰਿਲੀਜ਼ ਕੀਤਾ ਗਿਆ। ਇਸ ਸਬੰਧੀ ਜਾਣਕਾਰੀ ਦਿੰਦੇ ਜਿਲ੍ਹਾ ਪ੍ਰਧਾਨ ਡਾ.ਸਤਿੰਦਰ ਕੌਰ ਕਾਹਲੋਂ ਨੇ ਲਾਇਬ੍ਰੇਰੀ ਵਿੱਚ ਕੈਲੰਡਰ ਲਗਾਇਆ ਅਤੇ ਵਿਦਿਆਰਥੀਆਂ ਨੂੰ ਦੱਸਿਆ ਕਿ ਨਵੇਂ ਸਾਲ ਦੇ ਕੈਲੰਡਰ ਵਿੱਚ ਪਿਛਲੇ ਦਿਨੀਂ ਹੋਈ ਦੋ ਰੋਜ਼ਾ ਅੰਤਰਰਾਸ਼ਟਰੀ ਬਾਲ ਲੇਖਕ ਕਾਨਫਰੰਸ ਵਿੱਚੋਂ ਬਾਲ ਸ਼੍ਰੋਮਣੀ ਅਵਾਰਡ ਜਿੱਤਣ ਵਾਲੇ ਵਿਦਿਆਰਥੀਆਂ ਦੀਆਂ ਫੋਟੋਆਂ ਵਿਸ਼ੇਸ਼ ਤੌਰ ਤੇ ਲਗਾਈਆਂ ਗਈਆਂ ਹਨ,ਜੋ ਕਿ ਪੰਜਾਬ ਦੇ ਵੱਖ ਵੱਖ ਜ਼ਿਲਿਆਂ ਅਤੇ ਅਲੱਗ ਅਲੱਗ ਰਾਜਾਂ ਤੋਂ ਹਨ। ਸ੍ਰੀ ਸੁੱਖੀ ਬਾਠ ਜੀ ਦੇ ਇਸ ਉਪਰਾਲੇ ਸਦਕਾ ਇਸ ਪ੍ਰੋਜੈਕਟ ਨਾਲ ਹੁਣ ਤੱਕ ਦੇਸ਼ਾਂ ਵਿਦੇਸ਼ਾਂ ਤੋਂ 3500 ਦੇ ਕਰੀਬ ਵਿਦਿਆਰਥੀ ਜੁੜ ਚੁੱਕੇ ਹਨ ਅਤੇ ਲਗਭਗ 40 ਕਿਤਾਬਾਂ ਛਪ ਚੁੱਕੀਆਂ ਹਨ। ਕੈਲੰਡਰ ਰਿਲੀਜ਼ ਕਰਨ ਦੀ ਰਸਮ ਤੋਂ ਬਾਅਦ ਸਕੂਲ ਪ੍ਰਿੰਸੀਪਲ ਪਰਮਜੀਤ ਕੌਰ ਜੀ ਨੇ ਵੀ ਵਿਦਿਆਰਥੀਆਂ ਨੂੰ ਅਗਲੇਰੇ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਪੰਜਾਬ ਭਵਨ ਦੇ ਇਸ ਨਿਵੇਕਲੇ ਉਪਰਾਲੇ ਦੀ ਸਲਾਘਾ ਕਰਦਿਆਂ ਸ਼੍ਰੀ ਸੁੱਖੀ ਬਾਠ ਜੀ ਦੀ ਦਿਲੀ ਧੰਨਵਾਦ ਕੀਤਾ।ਜ਼ਿਕਰਯੋਗ ਹੈ ਕਿ ਇਸ ਪ੍ਰੋਜੈਕਟ ਨਾਲ ਵਿਦਿਆਰਥੀ ਜੁੜ ਕੇ ਰਚਨਾਵਾਂ ਲਿਖ ਰਹੇ ਹਨ।

# 8ਵਾਂ ਅਨੰਦਮਈ ਕਥਾ ਕੀਰਤਨ ਅਤੇ ਗੁਰਮਤਿ ਸਮਾਗਮ ਮਿਤੀ 22 ਫਰਵਰੀ ਨੂੰ

ਫਗਵਾੜਾ (ਸੁਸ਼ੀਲ ਸ਼ਰਮਾ ) ਬਾਣੀ ਦੇ ਰਚਨਹਾਰ ਸਮੂਹ ਭੱਟ ਸਾਹਿਬਾਨਾਂ ਨੂੰ ਸਮਰਪਿਤ ਸ਼ਹੀਦ ਬਾਬਾ ਦੀਪ ਸਿੰਘ ਜੀ ਵੈਲਫੇਅਰ ਸੁਸਾਇਟੀ ਅਤੇ ਸ੍ਰੀ ਗੁਰੂ ਅਰਜੁਨ ਦੇਵ ਜੀ ਭਾਟ ਸਿੰਘ ਸਭਾ ਰਜਿ ਭਗਤਪੁਰਾ/ ਪ੍ਰੀਤ ਨਗਰ ਵਲੋਂ

8ਵਾਂ ਅਨੰਦਮਈ ਕਥਾ ਕੀਰਤਨ ਅਤੇ ਗੁਰਮਤਿ ਸਮਾਗਮ ਮਿਤੀ 22 ਫਰਵਰੀ ਦਿਨ ਸ਼ਨੀਵਾਰ ਸ਼ਾਮ 4.00 ਵਜੇ ਤੋਂ ਰਾਤ 11.00 ਵਜੇ ਤੱਕ ਭਾਣੋਕੀ ਰੋਡ ਗਲੀ ਨੰਬਰ 8 ਮੁੱਹਲਾ ਭਗਤਪੁਰਾ ਵਿਖੇ ਬੜੀ ਸ਼ਰਧਾ ਪੂਰਵਕ ਕਰਵਾਇਆ ਜਾ ਰਿਹਾ ਹੈ ਇਸ ਸਬੰਧੀ ਜਾਣਕਾਰੀ ਦਿੰਦਿਆਂ ਸੁਸਾਇਟੀ ਮੈਂਬਰ ਬਲਜੀਤ ਸਿੰਘ, ਵਿਕਰਮ ਸਿੰਘ , ਗੋਲਡੀ , ਕਰਮਦੀਪ ਸਿੰਘ , ਮੇਜਰ ਸਿੰਘ , ਚਰਨਜੀਤ ਸਿੰਘ , ਪੂੰਨਾ ਸਿੰਘ , ਲਵਲੀ ਸਿੰਘ , ਗੁਰਮੁਖ ਸਿੰਘ , ਗੁਰਕੀਰਤ ਸਿੰਘ , ਗੁਰਨਾਮ ਸਿੰਘ , ਰਾਜਿੰਦਰ ਸਿੰਘ , ਗੁਰਦਿੱਤ ਸਿੰਘ , ਪੰਨਾ ਸਿੰਘ ,ਸੁੱਚਾ ਸਿੰਘ , ਗੁਰਪ੍ਰੀਤ ਸਿੰਘ , ਨਰਿੰਦਰ ਸਿੰਘ , ਮਨਜੀਤ ਸਿੰਘ ਨੇ ਦੱਸਿਆ ਕਿ ਗੁਰੂ ਸਾਹਿਬ ਜੀ ਦੇ ਸਰੂਪ ਗੁਰਦੁਆਰਾ ਸ੍ਰੀ ਗੁਰੂ ਅਰਜਨ ਦੇਵ ਜੀ ਭਾਟ ਸਿੰਘ ਸਭਾ ਰਜਿ ਫਗਵਾੜਾ ਭਗਤਪੁਰਾ ਗਲੀ ਨੰਬਰ 4 ਤੋਂ ਦੁਪਹਿਰ 11.00 ਵਜੇ ਨਗਰ ਕੀਰਤਨ ਦੇ ਰੂਪ ਵਿੱਚ ਅਰੰਭ ਹੋਕੇ ਮੁੱਹਲਾ ਭਗਤਪੁਰਾ , ਪ੍ਰੀਤ ਨਗਰ ਤੋਂ ਹੁੰਦਾ ਹੋਇਆ ਦੀਵਾਨ ਅਸਥਾਨ ਵਿਖੇ ਪੁੱਜੇਗਾ ਇਸ ਧਾਰਮਿਕ ਸਮਾਗਮ ਵਿੱਚ ਭਾਈ ਗੁਰਮੀਤ ਸਿੰਘ ਜੀ ਸ਼ਾਂਤ (ਜੰਲਧਰ ਵਾਲੇ) ਭਾਈ ਜਗਤਾਰ ਸਿੰਘ ਜੀ ਖਾਲਸਾ (ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ) ਭਾਈ ਹਰਪ੍ਰੀਤ ਸਿੰਘ ਜੀ ਮੱਖੂ (ਕਥਾ ਵਾਚਕ) ਭਾਈ ਸੁਖਚੈਨ ਸਿੰਘ , ਭਾਈ ਗੁਰਦਿੱਤ ਸਿੰਘ (ਹਜ਼ੂਰੀ ਰਾਗੀ ਗੁਰਦੁਆਰਾ ਸ੍ਰੀ ਗੁਰੂ ਅਰਜਨ ਦੇਵ ਭਾਟ ਸਿੰਘ ਸਭਾ) ਆਦਿ ਪ੍ਰਸਿੱਧ ਕੀਰਤਨੀਏ ਅਤੇ ਕਥਾ ਵਾਚਕ ਸੰਗਤਾਂ ਨੂੰ ਗੁਰੂ ਦੀ ਇਲਾਹੀ ਬਾਣੀ ਨਾਲ ਜੋੜਨਗੇ ਇਸ ਮੌਕੇ ਸਟੇਜ ਸਕੱਤਰ ਦੀ ਭੂਮਿਕਾ ਭਾਈ ਪ੍ਰਮਜੀਤ ਸਿੰਘ ਜੀ ਨਿਭਾਉਣਗੇ ਇਸ ਮੌਕੇ ਗੁਰੂ ਦਾ ਅਤੁੱਟ ਲੰਗਰ ਵੀ ਵਰਤਾਇਆ ਜਾਵੇਗਾ




# ਪੰਜਾਬੀ ਮਾਂ ਬੋਲੀ ਜਾਗਰੂਕਤਾ ਮਾਰਚ ਫਗਵਾੜਾ ਵਿਖੇ 21 ਫਰਵਰੀ ਨੂੰ




ਫਗਵਾੜਾ (ਸੁਸ਼ੀਲ ਸ਼ਰਮਾ) ਪੰਜਾਬੀ ਕਲਾ ਅਤੇ ਸਾਹਿਤ ਕੇਂਦਰ, ਸੰਗੀਤ ਦਰਪਨ, ਪੰਜਾਬੀ ਵਿਰਸਾ ਟਰੱਸਟ ਅਤੇ ਸਹਾਰਾ ਵੈਲਫੇਅਰ ਕਲੱਬ ਵਲੋਂ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਪੰਜਾਬੀ ਮਾਂ ਬੋਲੀ ਜਾਗਰੂਕਤਾ ਮਾਰਚ 21 ਫਰਵਰੀ, 2025 ਨੂੰ ਫਗਵਾੜਾ ਵਿਖੇ ਆਯੋਜਿਤ ਕੀਤਾ ਜਾਵੇਗਾ। ਇਹ ਮਾਰਚ 21 ਫਰਵਰੀ ਨੂੰ ਸਵੇਰੇ 9: 00 ਵਜੇ ਬਲੱਡ ਬੈਂਕ,ਗੁਰੂ ਹਰਿਗੋਬਿੰਦ ਨਗਰ ਫਗਵਾੜਾ ਤੋਂ ਸ਼ੁਰੂ ਹੋਏਗਾ। ਜਿਸ ਵਿੱਚ ਸਾਹਿਤ ਸਭਾਵਾਂ,ਗੈਰ ਸਰਕਾਰੀ ਸੰਸਥਾਵਾਂ ਦੇ ਨੁਮਾਇੰਦੇ,ਪੰਜਾਬੀ ਪ੍ਰੇਮੀ, ਵਿਦਿਆਰਥੀ ਅਤੇ ਅਧਿਆਪਕ ਹਿੱਸਾ ਲੈਣਗੇ। ਜੋਗਿੰਦਰ ਸਿੰਘ ਮਾਨ ਸਾਬਕਾ ਮੰਤਰੀ ਪੰਜਾਬ, ਰਾਮਪਾਲ ਉਪਲ ਮੇਅਰ ਨਗਰ ਨਿਗਮ ਫਗਵਾੜਾ, ਰੁਪਿੰਦਰ ਕੌਰ ਐਸ.ਪੀ ਫਗਵਾੜਾ ਜਸ਼ਨਜੀਤ ਸਿੰਘ ਐਸ.ਡੀ ਐਮ,ਪ੍ਰਸਿੱਧ ਲੇਖਕ ਡਾਕਟਰ ਲਖਵਿੰਦਰ ਸਿੰਘ ਜੌਹਲ ਵਿਸ਼ੇਸ਼ ਮਹਿਮਾਨਾਂ ਵਜੋਂ ਸ਼ਾਮਲ ਹੋਣਗੇ ਅਤੇ ਮਾਰਚ ਨੂੰ ਹਰੀ ਝੰਡੀ ਦੇਣਗੇ।

# ਮੁਹੱਲਾ ਕੋਟਰਾਣੀ ਵਿਖੇ 10 ਲੱਖ ਦੀ ਲਾਗਤ ਨਾਲ ਪੀਣ ਵਾਲੇ ਪਾਣੀ ਦੀ ਪਾਈਪ ਲਾਈਨ ਵਿਛਾਉਣ ਦੀ ਕਰਵਾਈ ਸ਼ੁਰੂਆਤ

ਫਗਵਾੜਾ 19 ਫਰਵਰੀ ( ਸੁਸ਼ੀਲ ਸ਼ਰਮਾ ) ਨਗਰ ਨਿਗਮ ਫਗਵਾੜਾ ਵਲੋਂ ਸ਼ਹਿਰ ਦੇ ਵਾਰਡ ਨੰਬਰ 44 ਮੁਹੱਲਾ ਕੋਟਰਾਣੀ ਵਿਖੇ ਆਮ ਲੋਕਾਂ ਨੂੰ ਪੀਣ ਵਾਲੇ ਸਾਫ ਪਾਣੀ ਪੇਸ਼ ਆ ਰਹੀ ਸਮੱਸਿਆ ਨੂੰ ਦੂਰ ਕਰਨ ਲਈ 10 ਲੱਖ ਰੁਪਏ ਦੀ ਲਾਗਤ ਨਾਲ ਨਵੀਂ ਪਾਈਪ ਲਾਈਨ ਵਿਛਾਉਣ ਦੇ ਕੰਮ ਦੀ ਅੱਜ ਸ਼ੁਰੂਆਤ ਕੀਤੀ ਗਈ। ਜਿਸਦਾ ਸ਼ੁੱਭ ਆਰੰਭ ਆਮ ਆਦਮੀ ਪਾਰਟੀ ਪੰਜਾਬ ਦੇ ਸਪੋਕਸਪਰਸਨ ਹਰਨੂਰ ਸਿੰਘ ਹਰਜੀ ਮਾਨ ਦੇ ਨਾਲ ਮੇਅਰ ਰਾਮ ਪਾਲ ਉੱਪਲ, ਸੀਨੀਅਰ ਡਿਪਟੀ ਮੇਅਰ ਤੇਜ ਪਾਲ ਬਸਰਾ ਅਤੇ ਵਿੱਕੀ ਸੂਦ ਡਿਪਟੀ ਮੇਅਰ ਨੇ ਸਾਂਝੇ ਤੌਰ ਤੇ ਕਰਵਾਇਆ। ਪਤਵੰਤਿਆਂ ਨੇ ਪਹਿਲਾਂ ਰਿਬਨ ਕੱਟਿਆ ਤੇ ਫਿਰ ਸੜਕ ਤੇ ਕਹੀ ਨਾਲ ਪਹਿਲਾ ਟੱਕ ਲਗਾਇਆ। ਇਸ ਤੋਂ ਪਹਿਲਾਂ ਸਮੂਹ ਪਤਵੰਤਿਆਂ ਦਾ ਵਾਰਡ ਵਾਸੀਆਂ ਵਲੋਂ ਹਾਰ





ਪਾ ਕੇ ਨਿੱਘਾ ਸਵਾਗਤ ਕੀਤਾ ਗਿਆ। ਹਰਜੀ ਮਾਨ ਨੇ ਕਿਹਾ ਕਿ ਮੇਅਰ ਰਾਮਪਾਲ ਉੱਪਲ ਦੀ ਅਗਵਾਈ ਹੇਠ ਵਿਕਾਸ ਦੇ ਕੰਮ ਜੰਗੀ ਪੱਧਰ 'ਤੇ ਸ਼ੁਰੂ ਕਰ ਦਿੱਤੇ ਗਏ ਹਨ। ਹਲਕਾ ਇੰਚਾਰਜ ਜੋਗਿੰਦਰ ਸਿੰਘ ਮਾਨ ਦੇ ਯਤਨਾ ਸਦਕਾ ਸੂਬੇ ਦੀ ਭਗਵੰਤ ਮਾਨ ਸਰਕਾਰ ਵਲੋਂ ਫਗਵਾੜਾ ਦੇ ਸਮੁੱਚੇ ਵਿਕਾਸ ਲਈ ਲੋੜੀਂਦੀ ਗਰਾਂਟ ਦਿੱਤੀ ਜਾ ਰਹੀ ਹੈ। ਸ਼ਹਿਰ ਦੇ ਹਰੇਕ ਵਾਰਡ ਵਿਚ ਲੋੜੀਂਦੇ ਵਿਕਾਸ ਦੇ ਕੰਮ ਮੈਰਿਟ ਦੇ ਅਧਾਰ ਤੇ ਕਰਵਾਏ ਜਾਣਗੇ। ਮੇਅਰ ਰਾਮਪਾਲ ਉੱਪਲ ਨੇ ਵੀ ਸ਼ਹਿਰ ਵਾਸੀਆਂ ਨੂੰ ਸਾਫ ਪਾਣੀ ਅਤੇ ਸਵੱਛ ਵਾਤਾਵਰਣ ਯਕੀਨੀ ਬਨਾਉਣ ਦਾ ਭਰੋਸਾ ਦਿੱਤਾ। ਵਾਰਡ ਦੇ ਵਸਨੀਕਾਂ ਨੇ ਵਿਕਾਸ ਕਾਰਜ ਸ਼ੁਰੂ ਕਰਵਾਉਣ ਲਈ ਹਲਕਾ ਇੰਚਾਰਜ ਜੋਗਿੰਦਰ ਸਿੰਘ ਮਾਨ ਅਤੇ ਮੁੱਖ ਮੰਤਰੀ ਭਗਵੰਤ ਮਾਨ ਦਾ ਖਾਸ ਤੌਰ ਤੇ ਧੰਨਵਾਦ ਕੀਤਾ। ਇਸ ਮੌਕੇ ਨਵਨੀਤ ਉੱਪਲ ਵਾਰਡ ਇੰਚਾਰਜ, ਜਸਦੇਵ ਪ੍ਰਿੰਸ ਕੌਂਸਲਰ, ਪਰਮਜੀਤ ਸਿੰਘ ਖੁਰਾਣਾ ਕੌਂਸਲਰ, ਵਿਜੇ ਬਸੰਤ ਨਗਰ, ਰਵੀ ਸਿੱਧੂ ਕੌਂਸਲਰ, ਸੁਖਦੇਵ ਸਿੰਘ ਕਾਕਾ ਕੌਂਸਲਰ, ਅਰਜੁਨ ਸੁਧੀਰ, ਸੋਨੂ ਪਹਿਲਵਾਨ, ਰਾਜੇਸ਼ ਕੋਲਸਰ ਤੋਂ ਇਲਾਵਾ ਵਾਰਡ ਦੇ ਪਤਵੰਤੇ ਹਾਜਰ ਸਨ।

# ਲਾਪਰਵਾਹੀ ਕਰਨ ਵਾਲੇ ਕਰਮਚਾਰੀਆਂ ਤੇ ਸਖ਼ਤੀ ਨਾਲ ਹੋਵੇਗੀ ਕਾਰਵਾਈ -ਸਿਵਲ ਸਰਜਨ



ਫ਼ਗਵਾੜਾ (ਸੁਸ਼ੀਲ ਸ਼ਰਮਾ) ਪੰਜਾਬ ਸਰਕਾਰ ਦੀਆਂ ਹਦਾਇਤਾ ਅਨੁਸਾਰ ਸਿਵਲ ਸਰਜਨ ਡਾ.ਕਿਰਨਦੀਪ ਕੌਰ ਵਲੋਂ ਆਮ ਲੋਕਾਂ ਨੂੰ ਮਿਆਰੀ ਸਿਹਤ ਸਹੂਲਤਾਂ ਪ੍ਰਦਾਨ ਕਰਵਾਓਣ ਲਈ ਅਰਬਨ ਪ੍ਰਾਈਮਰੀ ਹੈਲਥ ਸੈਂਟਰ ਢਾਬ ਖਟੀਕਾਂ ਵਿਖੇ ਸਪੈਸ਼ਲ ਚੈਕਿੰਗ ਕੀਤੀ ਗਈ। ਇਸ ਚੈਕਿੰਗ ਦੌਰਾਣ ਉਹਨਾਂ ਵਲੋ ਸਟਾਫ ਦੀ ਹਾਜ਼ਰੀ ਦੇ ਨਾਲ ਨਾਲ ਓ.ਪੀ. ਡੀ.,ਵਾਰਡ,ਡੈਂਟਲ ਵਿਭਾਗ,ਲੇਬਰ ਰੂਮ,ਲੈਬ,ਦਵਾਈਆਂ ਦਾ ਸਟਾਕ ਅਤੇ ਐਮ. ਸੀ.ਐਚ.ਵਿਭਾਗ ਵਿਚ ਜਾ ਕੇ ਜਾਂਚ ਕੀਤੀ ਅਤੇ ਵਾਰਡ ਵਿਚ ਦਾਖਿਲ ਮਰੀਜਾਂ ਪਾਸੋਂ ਮੁਫਤ ਦਵਾਈਆਂ, ਲੈਬ ਟੈਸਟ ਦੀਆਂ ਸਹੂਲਤਾਂ ਸੰਬਧੀ ਪੁਛ-ਪੜਤਾਲ ਕੀਤੀ ਗਈ। ਇਸਤੋਂ ਇਲਾਵਾ ਸਟਾਫ ਦੀ ਹਾਜਰੀ ਬਾਰੇ ਬੜੇ ਵਿਸਥਾਰ ਵਾਲ ਜਾਂਚ ਕੀਤੀ। ਜਿਸ ਦੌਰਾਣ ਡਿਊਟੀ ਦੌਰਾਨ ਵਿੱਚ ਕੁਤਾਹੀ ਵਰਤਣ ਵਾਲੇ ਕਰਮਚਾਰੀਆਂ ਨੂੰ ਸਖਤ ਤਾੜਨਾਂ ਕੀਤੀ ਅਤੇ ਕਿਹਾ ਕਿ ਅਣਗਹਿਲੀ ਕਰਨ ਵਾਲੇ ਕਰਮਚਾਰੀਆਂ ਵਿਰੁੱਧ ਅਨੁਸ਼ਾਸਨੀ ਕਾਰਵਾਈ ਕੀਤੀ ਜਾਵੇਗੀ। ਉਹਨਾਂ ਵੱਲੋਂ ਸਮੂਹ ਸਟਾਫ ਅਤੇ ਡਾਕਟਰਾਂ ਨੂੰ ਹਦਾਇਤ ਕੀਤੀ ਸਮੇਂ ਦੇ ਪਾਬੰਦ ਰਹਿਆ ਜਾਵੇ ਅਤੇ ਸੇਵਾ ਭਾਵਨਾਂ ਨਾਲ ਕੰਮ ਕੀਤਾ ਜਾਵੇ। ਇਸ ਮੌਕੇ ਤੇ ਜਿਲਾ ਟੀਕਾਕਰਨ ਅਫਸਰ ਡਾ.ਭਾਰਤੀ ਧਵਨ, ਅਮਰਦੀਪ ਸਿੰਘ ਅਤੇ ਸਮੂਹ ਸਟਾਫ ਹਾਜ਼ਰ ਸਨ।

# ਯੁਵਕ ਸੇਵਾਵਾਂ ਵਿਭਾਗ ਅਮ੍ਰਿਤਸਰ ਵੱਲੋਂ ਨੌਜਵਾਨ ਸਭਾ ਦਾ ਆਯੋਜਨ

ਫ਼ਗਵਾੜਾ (ਸੁਸ਼ੀਲ ਸ਼ਰਮਾ) ਯੁਵਕ ਸੇਵਾਵਾਂ ਵਿਭਾਗ ਅਮ੍ਰਿਤਸਰ ਵੱਲੋਂ ਸੰਤ ਸਿੰਘ ਸੁੱਖਾ ਸਿੰਘ ਕਾਲਜ ਆਫ਼ ਕਾਮਰਸ ਐਂਡ ਅਲਾਈਡ ਸਟੱਡੀਜ਼ ਅੰਮ੍ਰਿਤਸਰ ਵਿਖੇ ਨੌਜਵਾਨ ਸਭਾ ਦੇ ਰੂਪ ਵਿਚ ਵਿਦਿਆਰਥੀਆਂ ਨਾਲ ਮੀਟਿੰਗ ਕੀਤੀ ਗਈ। ਮੀਟਿੰਗ ਦਾ ਆਯੋਜਨ ਕਾਲਜ ਦੇ ਰੈੱਡ ਰਿਬਨ ਕਲੱਬ ਵੱਲੋਂ ਕੀਤਾ ਗਿਆ। ਇਸ ਮੀਟਿੰਗ ਵਿੱਚ ਸ.ਪ੍ਰੀਤ ਕੋਹਲੀ ਸਹਾਇਕ ਡਾਇਰੈਕਟਰ ਯੁਵਕ ਸੇਵਾਵਾਂ ਅੰਮ੍ਰਿਤਸਰ ਨੇ ਸ਼ਿਰਕਤ ਕੀਤੀ।

ਮੀਟਿੰਗ ਵਿੱਚ ਵਿਦਿਆਰਥੀਆਂ ਨਾਲ ਲੰਬੀ ਗੱਲਬਾਤ ਕਰਦਿਆਂ ਉਨ੍ਹਾਂ ਨੇ ਯੁਵਾ ਵਰਗ ਦੀਆਂ ਆਉਣ ਵਾਲੀਆਂ ਮੁਸ਼ਕਲਾਂ ਬਾਰੇ ਸੁਣਿਆ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਕਿਵੇਂ ਹੱਲ ਕੀਤਾ ਜਾ ਸਕਦਾ ਹੈ,ਇਸ ਬਾਬਤ ਚਰਚਾ ਕੀਤੀ। ਉਹਨਾਂ ਵਿਦਿਆਰਥੀਆਂ ਤੋਂ ਸੁਝਾਅ ਵੀ ਮੰਗੇ ਕਿ ਕਿਵੇਂ ਅਸੀਂ ਯੁਵਾ ਵਰਗ ਨੂੰ ਹੋਰ ਅੱਗੇ ਲਿਜਾ ਸਕਦੇ ਹਾਂ।

ਉਨ੍ਹਾਂ ਨੇ ਵਿਦਿਆਰਥੀਆਂ ਨੂੰ ਪੜਾਈ ਤੋਂ ਇਲਾਵਾ ਆਪਣੀ ਉਰਜਾ ਦਾ ਸਹੀ ਇਸਤੇਮਾਲ ਕਰਨ ਲਈ ਪ੍ਰੇਰਨਾ ਦਿੱਤੀ। ਉਹਨਾਂ ਕਿਹਾ ਕਿ ਵਿਦਿਆਰਥੀ ਜੀਵਨ ਇਨਸਾਨ ਦਾ ਸੁਨਹਿਰੀ ਸਮਾਂ ਹੁੰਦਾ ਹੈ ਵਿਦਿਆਰਥੀਆਂ ਨੂੰ ਚਾਹੀਦਾ ਹੈ ਕਿ ਇਸ ਸਮੇਂ ਦੌਰਾਨ ਆਪਣੇ ਸਮੇਂ ਨੂੰ ਸਕਰਾਤਮਕ ਕੰਮਾ ਵੱਲ ਲਗਾਇਆ ਜਾਵੇ ਤਾਂ ਜੋ ਦੇਸ਼ ਦੀ ਤੱਰਕੀ ਵਿਚ ਹਿੱਸਾ ਪਾਇਆ ਜਾ ਸਕੇ

ਪ੍ਰਿੰਸੀਪਲ ਮੈਡਮ ਸਵਿਤਾ ਖੰਨਾ ਜੀ ਵੱਲੋਂ ਇਸ ਸੁਚੱਜੇ ਉਪਰਾਲੇ ਦੀ ਸ਼ਲਾਘਾ ਕੀਤੀ ਗਈ।



ਇਸ ਆਯੋਜਨ ਵਿੱਚ ਰੈੱਡ ਰਿਬਨ ਕਲੱਬ ਦੇ ਨੋਡਲ ਅਫ਼ਸਰ ਸਹਾਇਕ ਪ੍ਰੋਫ਼ੈਸਰ ਮਿਸ ਮੁਸਕਾਨ, ਸਹਾਇਕ ਪ੍ਰੋਫ਼ੈਸਰ ਸ.ਅਕਾਸ਼ਬੀਰ ਸਿੰਘ ਅਤੇ ਸਟਾਫ਼ ਹਾਜ਼ਰ ਸਨ।

# ਬ੍ਰਹਮ ਉਤਸਵ ਦੇ ਸਬੰਧ ਵਿੱਚ ਸ਼ਰਧਾ ਪੂਰਵਕ ਕੱਢਿਆ ਜਾ ਹਨ ਰਹੀਆਂ ਪ੍ਰਭਾਤ ਫੇਰੀਆ



ਫ਼ਗਵਾੜਾ (ਸੁਸ਼ੀਲ ਸ਼ਰਮਾ) ਸ੍ਰੀ ਮੁਕਤੀ ਨਰਾਇਣ ਧਾਮ ਵੈਂਕਟੇਸ਼ ਮੰਦਿਰ,ਗਰੀਨ ਫੀਲਡ,ਮਜੀਠਾ ਰੋਡ ਵਿਖੇ ਭਗਵਾਨ ਬਾਲਾ ਜੀ ਵੈਂਕਟੇਸ਼ ਦੇ 16ਵੇਂ ਬ੍ਰਹਮ ਉਤਸਵ ਦੇ ਸਬੰਧ ਵਿੱਚ ਕੱਢੀਆਂ ਜਾਣ ਵਾਲੀਆਂ ਪ੍ਰਭਾਤ ਫੇਰੀਆਂ ਕੱਢੀਆਂ ਜਾ ਰਹੀਆ ਹਨ। ਜੋ 23 ਫਰਵਰੀ ਤੱਕ ਜਾਰੀ ਰਹਿਣਗੀਆਂ। ਪ੍ਰਭੂ ਦੀ ਸੁੰਦਰ ਸਜਾਈ ਪਾਲਕੀ ਦੇ ਨਾਲ ਭਗਤਾਂ ਵੱਲੋਂ ਪੂਰੀ ਸ਼ਰਧਾ ਤੇ ਉਤਸਾਹ ਦੇ ਨਾਲ ਕੱਢੇ ਜਾਣ ਵਾਲੀਆਂ ਪ੍ਰਭਾਤ ਫੇਰੀਆਂ ਦੇ ਤਹਿਤ ਡਾਇਮੰਡ ਐਵਨੀਓ ਨਿਵਾਸੀ ਅਸ਼ੋਕ ਗੁਪਤਾ ਦੇ ਗ੍ਰਹਿ ਨਿਵਾਸ ਵਿਖੇ ਵੀ ਪ੍ਰਭਾਤ ਫੇਰੀ ਦਾ ਸ਼ਰਧਾ ਦੇ ਨਾਲ ਸਵਾਗਤ ਕੀਤਾ ਗਿਆ। ਕਮੇਟੀ ਦੇ ਮੁੱਖ ਪ੍ਰਬੰਧਕ ਚਰਨਜੀਤ ਅਗਨੀਹੋਤਰੀ,ਧਰਮਪਾਲ ਪਰਾਸ਼ਰ, ਚਰਨਜੀਤ ਭਾਸਕਰ,ਰਵੀ ਸ਼ਰਮਾ,ਰੂਪੇਸ਼ ਗੋਇੰਕਾ, ਰਮੇਸ਼ ਸਲਵਾਨ,ਭੂਸ਼ਣ ਗੁਪਤਾ ਕ੍ਰਿਸ਼ਨ ਅਗਨੀਹੋਤਰੀ ਇਲਾਕਾ ਨਿਵਾਸੀਆਂ ਨੂੰ ਪ੍ਰਭਾਤ ਫੇਰੀਆਂ,ਸ਼ੋਭਾ ਯਾਤਰਾ ਅਤੇ ਮੰਦਰ ਕਮੇਟੀ ਵੱਲੋਂ ਅਯੋਜਿਤ ਪ੍ਰੋਗਰਾਮ ਦੇ ਵਿੱਚ ਹਾਜਰੀਆਂ ਭਰਨ ਦੀ ਅਪੀਲ ਵੀ ਕੀਤੀ ਗਈ। ਇਸ ਮੌਕੇ ਤੇ ਵੀਨਾ ਗੁਪਤਾ,ਗਰੋਵਣ ਗੁਪਤਾ,ਅਮਿਤਾ,ਪਲਵ,ਕ੍ਰਿਸ਼ਨ,ਮਿਆਂਕ, ਰੀਦਨ, ਕ੍ਰਿਸ਼ਨਾ,ਅੰਜੂ, ਨੀਤੀਕਾ,ਮਾਇਰਾ,ਕ੍ਰਿਸ਼ ਸਮੇਤ ਹੋਰ ਕਈ

# ਪਿੰਡ ਬੋਹਾਨੀ ਵਿਖੇ ਸਜਾਇਆ 648ਵੇਂ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਵਿਸ਼ਾਲ ਨਗਰ ਕੀਰਤਨ





ਫਗਵਾੜਾ ( ਸੁਸ਼ੀਲ ਸ਼ਰਮਾ ) ਸ੍ਰੀ ਗੁਰੂ ਰਵਿਦਾਸ ਗੁਰਦੁਆਰਾ ਸਾਹਿਬ ਪਿੰਡ ਬੋਹਾਨੀ ਤਹਿਸੀਲ ਫਗਵਾੜਾ ਦੀ ਪ੍ਰਬੰਧਕ ਕਮੇਟੀ ਵਲੋਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਦੇ 648ਵੇਂ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਵਿਸ਼ਾਲ ਨਗਰ ਕੀਰਤਨ ਗ੍ਰਾਮ ਪੰਚਾਇਤ ਅਤੇ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਅਤੇ ਪੰਜ ਪਿਆਰਿਆਂ ਦੀ ਅਗਵਾਈ ਹੇਠ ਬਹੁਤ ਹੀ ਸ਼ਰਧਾ ਪੂਰਵਕ ਸਜਾਇਆ ਗਿਆ। ਇਹ ਨਗਰ ਕੀਰਤਨ ਪਿੰਡ ਦੀ ਪਰਿਕ੍ਰਮਾ ਕਰਨ ਉਪਰੰਤ ਵਾਪਸ ਗੁਰਦੁਆਰਾ ਸਾਹਿਬ ਵਿਖੇ ਸਮਾਪਤ ਹੋਇਆ। ਨਗਰ ਕੀਰਤਨ ਦੀ ਆਰੰਭਤਾ ਹੈੱਡ ਗ੍ਰੰਥੀ ਭਾਈ ਗੁਰਪ੍ਰੀਤ ਸਿੰਘ ਗੋਪੀ ਨੇ ਅਰਦਾਸ ਨਾਲ ਕਰਵਾਈ। ਨਗਰ ਕੀਰਤਨ ਦਾ ਸੰਗਤਾਂ ਵਲੋਂ ਫੁੱਲਾਂ ਦੀ ਵਰਖਾ ਨਾਲ ਨਿੱਘਾ ਸਵਾਗਤ ਕੀਤਾ ਗਿਆ। ਸੰਗਤਾਂ ਵਲੋਂ ਫਲ ਫਰੂਟ ਅਤੇ ਹੋਰ ਪਕਵਾਨਾ ਦੀ ਸੇਵਾ ਬਹੁਤ ਹੀ ਤਨਦੇਹੀ ਨਾਲ ਨਿਭਾਈ ਗਈ। ਸੁੰਦਰ ਪਾਲਕੀ ਵਿੱਚ ਸੁਸ਼ੋਭਿਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਜਿੱਥੇ ਸੁੰਦਰ ਰੁਮਾਲੇ ਅਤੇ ਪੰਜ ਪਿਆਰਿਆਂ ਨੂੰ ਸਿਰੋਪੇ ਭੇਂਟ ਕੀਤੇ ਗਏ। ਨਗਰ ਕੀਰਤਨ ਦੌਰਾਨ ਵੱਖ ਵੱਖ ਪੜਾਵਾਂ ਤੇ ਢਾਡੀ ਭਾਈ ਹਰਦੀਪ ਸਿੰਘ ਸੰਗਤਪੁਰ ਦੇ ਜੱਥੇ ਨੇ ਗੁਰੂ ਇਤਿਹਾਸ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ। ਨਗਰ ਕੀਰਤਨ ਦੇ ਸਵਾਗਤ ਲਈ ਸਜਾਏ ਗਏ ਸੁੰਦਰ ਗੇਟ ਵਿਸ਼ੇਸ਼ ਖਿੱਚ ਦਾ ਕੇਂਦਰ ਸਨ। ਇਸ ਮੌਕੇ ਕਮੇਟੀ ਪ੍ਰਧਾਨ ਸੋਢੀ ਰਾਮ, ਕੈਸ਼ੀਅਰ ਗੁਰਦੀਪ ਸਿੰਘ, ਸਰਪੰਚ ਭੁਪਿੰਦਰ ਸਿੰਘ ਭਿੰਦਾ, ਸਾਬਕਾ ਸਰਪੰਚ ਹਰਦੀਪ ਸਿੰਘ ਲਾਡੀ, ਨੰਬਰਦਾਰ ਮੋਹਨ ਸਿੰਘ, ਬਿੱਲਾ ਬੋਹਾਨੀ, ਵਿੱਕੀ ਬੋਹਾਨੀ, ਸਾਬਕਾ ਸਰਪੰਚ ਪ੍ਰੀਤਮ ਦਾਸ, ਹਰਮੀਤ ਨੀਟਾ ਸਮੇਤ ਵੱਡੀ ਗਿਣਤੀ ਵਿਚ ਸੰਗਤਾਂ ਹਾਜਰ ਸਨ।

# ਫਲੈਕਸ ਉੱਪਰ ਸ਼੍ਰੀ ਗੁਰੂ ਰਵਿਦਾਸ ਮਹਾਰਾਜ ਬਾਰੇ ਭਗਤ ਸ਼ਬਦ ਦੀ ਵਰਤੋਂ ਨੂੰ ਲੈ ਕੇ ਦੋ ਧਿਰਾਂ ਹੋਈਆਂ ਆਹਮੋ-ਸਾਹਮਣੇ








ਫਗਵਾੜਾ ( ਸੁਸ਼ੀਲ ਸ਼ਰਮਾ ) ਫਗਵਾੜਾ ਹੁਸ਼ਿਆਰਪੁਰ ਰੋਡ ਸਥਿਤ ਪਿੰਡ ਹਰਬੰਸਪੁਰ/ਜਗਜੀਤਪੁਰ ਦੇ ਬੱਸ ਅੱਡੇ 'ਤੇ ਮਾਹੌਲ ਉਸ ਸਮੇਂ ਤਨਾਅ ਪੂਰਣ ਬਣ ਗਿਆ ਜਦੋਂ ਪਿੰਡ ਦੀਆਂ ਸੰਗਤਾਂ ਵਲੋਂ ਸ਼੍ਰੀ ਗੁਰੂ ਰਵਿਦਾਸ ਮਹਾਰਾਜ ਦੇ 648ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਲਗਾਏ ਗਏ ਚਾਹ ਪਕੌੜੇ ਦੇ ਲੰਗਰ ਦੌਰਾਨ ਰਵਿਦਾਸੀਆ ਸਮਾਜ ਦੇ ਆਗੂਆਂ ਨੇ ਲੰਗਰ ਦੌਰਾਨ ਲਗਾਈ ਫਲੈਕਸ ਨੂੰ ਲੈ ਕੇ ਇਤਰਾਜ ਪ੍ਰਗਟ ਕਰ ਦਿੱਤਾ। ਰਵਿਦਾਸੀਆ ਸਮਾਜ ਦੇ ਆਗੂ ਯਸ਼ ਬਰਨਾ, ਪੰਕਜ ਘੇੜਾ, ਬਲਵਿੰਦਰ ਬੋਧ ਅਤੇ ਹੋਰਨਾਂ ਨੇ ਕਿਹਾ ਕਿ ਸ਼੍ਰੀ ਗੁਰੂ ਰਵਿਦਾਸ ਮਹਾਰਾਜ ਨੂੰ ਫਲੈਕਸ 'ਤੇ ਭਗਤ ਲਿਖਿਆ ਗਿਆ ਹੈ ਜਿਸ ਨਾਲ ਉਹਨਾਂ ਦੀਆਂ ਧਾਰਮਿਕ ਭਾਵਨਾਵਾਂ ਨੂੰ ਸੱਟ ਵੱਜੀ ਹੈ। ਦੂਸਰੇ ਪਾਸੇ ਪਿੰਡ ਦੇ ਨੌਜਵਾਨਾਂ ਦਾ ਤਰਕ ਸੀ ਕਿ ਉਹਨਾਂ ਨੇ ਉਹੀ ਲਿਖਿਆ ਹੈ ਜੋ ਬਾਣੀ ਵਿਚ ਦਰਜ ਹੈ। ਦੇਖਦੇ ਹੀ ਦੇਖਦੇ ਦੋਵਾਂ ਧਿਰਾਂ ਵਿਚ ਖਿੱਚਾ-ਧੂਈ ਸ਼ੁਰੂ ਹੋ ਗਈ। ਇਤਲਾਹ ਮਿਲਣ ਤੇ ਡੀ.ਐਸ.ਪੀ. ਭਾਰਤ ਭੂਸ਼ਣ ਅਤੇ ਐਸ.ਐਚ.ਓ. ਰਾਵਲਪਿੰਡੀ ਮੇਜਰ ਸਿੰਘ ਸਮੇਤ ਪੁਲਿਸ ਫੋਰਸ ਮੌਕੇ ਤੇ ਪਹੁੰਚੇ ਅਤੇ ਬੜੀ ਜੱਦੋਜਹਿਦ ਤੋਂ ਬਾਅਦ ਦੋਵਾਂ ਧਿਰਾਂ ਨੂੰ ਸ਼ਾਂਤ ਕੀਤਾ ਗਿਆ। ਪਿੰਡ ਦੀਆਂ ਸੰਗਤਾਂ ਨੇ ਮਰਿਯਾਦਾ ਦੇ ਨਾਲ ਗੁਰੂ ਸਾਹਿਬ ਦੀ ਤਸਵੀਰ ਵਾਲੀ ਫਲੈਕਸ ਉਤਾਰ ਲਈ ਅਤੇ ਲੰਗਰ ਅੱਧ ਵਿਚਕਾਰ ਹੀ ਬੰਦ ਕਰ ਦਿੱਤਾ ਗਿਆ। ਪੁਲਿਸ ਦੀ ਮੁਸਤੈਦੀ ਦੇ ਚਲਦਿਆਂ ਦੋਵਾਂ ਧਿਰਾਂ ਵਿਚ ਖੂਨੀ ਟਕਰਾਅ ਦੀ ਸੰਭਾਵਨਾ ਦੇ ਟਲਣ ਨੂੰ ਲੈ ਕੇ ਪਿੰਡ ਵਾਸੀਆਂ ਨੇ ਤੱਸਲੀ ਦਾ ਪ੍ਰਗਟਾਵਾ ਕੀਤਾ।

# ਜਿਲ੍ਹਾ ਪੱਧਰੀ ਆਈਡੀਐਸਪੀ ਟ੍ਰੇਨਿੰਗ ਵਰਕਸ਼ਾਪ ਦਾ ਕੀਤਾ ਆਯੋਜਨ




ਅੰਮ੍ਰਿਤਸਰ (ਲੋਕ ਬਾਣੀ) ਸਿਵਲ ਸਰਜਨ ਡਾ ਕਿਰਨਦੀਪ ਕੌਰ ਜੀ ਦੀ ਪ੍ਰਧਾਨਗੀ ਹੇਠ ਸਿਹਤ ਵਿਭਾਗ ਵੱਲੋਂ ਆਈਡੀਐਸਪੀ ਪ੍ਰੋਗਰਾਮ ਤਹਿਤ ਇੱਕ ਟ੍ਰੇਨਿੰਗ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ। ਜਿਸ ਵਿੱਚ ਜਿਲ੍ਹੇ ਭਰ ਦੇ ਕਮਿਊਨਿਟੀ ਹੈਲਥ ਅਫਸਰਾ ਦੀ ਟ੍ਰੇਨਿੰਗ ਕਰਵਾਈ ਗਈ। ਇਸ ਦੌਰਾਨ ਸਿਵਲ ਸਰਜਨ ਡਾ ਕਿਰਨਦੀਪ ਕੌਰ ਨੇ ਦੱਸਿਆ ਕਿ ਆਈਡੀਐਸਪੀ ਤਹਿਤ ਬਹੁਤ ਸਾਰੀਆਂ ਛੂਤ ਦੀਆਂ ਬਿਮਾਰੀਆਂ ਜਿਵੇਂ ਟੀਬੀ, ਹੈਜਾ, ਸਵਾਇਨ ਫਲੂ, ਕਰੋਨਾ ਮਲੇਰੀਆ, ਡੇਂਗੂ, ਚਿਕਨਗੁਣੀਆ, ਹੈਪਰਟਾਈਟਸ ਅਤੇ ਵਾਟਰ ਬੋਰਨ ਡਿਜੀਜ ਆਦੀ ਨੂੰ ਕਵਰ ਕੀਤਾ ਜਾਂਦਾ ਹੈ। ਇਸ ਪ੍ਰੋਗਰਾਮ ਤਹਿਤ ਜਿਲੇ ਭਰਦੇ ਸਾਰੇ ਇਲਾਕਿਆਂ ਵਿੱਚ ਸਰਵੇਖਣ ਕਰਕੇ ਐਕਟਿਵ ਕੇਸਾਂ ਦੀ ਭਾਲ ਕੀਤੀ ਜਾਂਦੀ ਹੈ ਅਤੇ ਉਹਨਾਂ ਦੀ ਜਾਂਚ ਕਰਵਾਉਣ ਉਪਰੰਤ ਮੁਫਤ ਇਲਾਜ ਕਰਾਇਆ ਜਾਂਦਾ ਹੈ। ਇਸ ਦੌਰਾਨ ਐਪੀਡਮੋਲਜਿਸਟ ਆਈਡੀਐਸਪੀ ਡਾ ਨਵਦੀਪ ਕੌਰ ਵੱਲੋਂ ਸਮੂਹ ਸਟਾਫ ਨੂੰ ਵਿਸਥਾਰ ਪੂਰਵਕ ਟ੍ਰੇਨਿੰਗ ਦਿੱਤੀ ਗਈ। ਇਸ ਮੌਕੇ ਸਹਾਇਕ ਸਿਵਲ ਸਰਜਨ ਡਾ ਰਜਿੰਦਰ ਪਾਲ ਕੌਰ, ਜਿਲਾ ਐਪੀਡਮੋਲੋਜਿਸਟ ਡਾ ਹਰਜੋਤ ਕੌਰ, ਜਿਲਾ ਐਮਆਈਓ ਅਮਰਦੀਪ ਸਿੰਘ, ਤ੍ਰਿਪਤਾ ਕੁਮਾਰੀ ਅਤੇ ਸਮੂਹ ਸਟਾਫ ਹਾਜਰ ਸਨ।

# ਸਰਕਾਰੀ ਹਾਈ ਸਕੂਲ ਪੰਡੋਰੀ ਨੂੰ ਗਰੀਨ ਸਕੂਲ ਪ੍ਰੋਗਰਾਮ ਆਡਿਟ ਤਹਿਤ ਮਿਲਿਆ ਰਾਸ਼ਟਰੀ ਅਵਾਰਡ

ਫਗਵਾੜਾ (ਸੁਸ਼ੀਲ ਸ਼ਰਮਾ) ਪੰਜਾਬ ਰਾਜ ਸਾਇੰਸ ਅਤੇ ਟੈਕਨਾਲੋਜੀ ਕੌਂਸਲ ਚੰਡੀਗੜ੍ਹ ਵਲੋਂ ਭਾਰਤ ਸਰਕਾਰ ਦੇ ਵਾਤਾਵਰਣ, ਜੰਗਲਾਤ ਤੇ ਜਲਵਾਯੂ ਤਬਦੀਲੀ ਮੰਤਰਾਲੇ ਦੇ ਵਾਤਾਵਰਣ ਸਿੱਖਿਆ ਪ੍ਰੋਗਰਾਮ ਤਹਿਤ ਦੇਸ਼ ਭਰ ਵਿਚ ਚਲਾਏ ਗਰੀਨ ਸਕੂਲ ਪ੍ਰੋਗਰਾਮ ਆਡਿਟ ਅਧੀਨ ਸਰਕਾਰੀ ਹਾਈ ਸਕੂਲ ਪੰਡੋਰੀ ਤਹਿਸੀਲ ਫਗਵਾੜਾ ਨੂੰ ਰਾਸ਼ਟਰੀ ਅਵਾਰਡ ਪ੍ਰਾਪਤ ਹੋਇਆ ਹੈ। ਇਸ ਪ੍ਰਾਪਤੀ ਲਈ ਸਕੂਲ ਸਟਾਫ ਨੂੰ ਸਨਮਾਨਤ ਕਰਨ ਸਬੰਧੀ ਇਕ ਸਮਾਗਮ ਅੱਜ ਸਰਪੰਚ ਅੰਮ੍ਰਿਤਪਾਲ ਸਿੰਘ ਚੀਮਾ ਦੀ ਅਗਵਾਈ ਹੇਠ ਸਕੂਲ ਕੈਂਪਸ ਵਿਖੇ ਕਰਵਾਇਆ ਗਿਆ। ਸਮਾਗਮ ਦੌਰਾਨ ਈਕੋ ਕਲੱਬ ਦੇ ਇੰਚਾਰਜ ਕਮਲ ਗੁਪਤਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਭਾਰਤ ਸਰਕਾਰ ਦੇ ਵਾਤਾਵਰਣ, ਜੰਗਲਾਤ ਤੇ ਜਲਵਾਯੂ ਵਿਭਾਗ ਨਵੀਂ ਦਿੱਲੀ ਵਲੋਂ ਵਾਤਾਵਰਣ ਸਿੱਖਿਆ ਪ੍ਰੋਗਰਾਮ ਤਹਿਤ ਪੰਡੋਰੀ ਸਕੂਲ ਦੇ ਹਵਾ, ਊਰਜਾ, ਖੁਰਾਕ, ਭੌਂ, ਪਾਣੀ ਅਤੇ ਰਹਿੰਦ-ਖੂੰਹਦ ਦੀ ਵਿਵਸਥਾ ਦਾ ਆਡਿਟ ਕੀਤਾ ਗਿਆ ਸੀ। ਸਕੂਲ ਦੇ ਵਧੀਆ ਪ੍ਰਬੰਧਾ ਲਈ ਵਿਭਾਗ ਵਲੋਂ ਇਸ ਅਵਾਰਡ ਲਈ ਚੁਣਿਆ ਗਿਆ ਸੀ। ਜਿਸ ਤੋਂ ਬਾਅਦ ਪਿਛਲੇ ਦਿਨੀਂ ਨਵੀਂ ਦਿੱਲੀ ਵਿਖੇ ਆਯੋਜਿਤ ਸਮਾਗਮ ਦੌਰਾਨ ਸ਼੍ਰੀਮਤੀ ਸੁਨੀਤਾ ਨਾਰਾਇਣ ਜਨਰਲ ਸੀ.ਐਸ.ਈ. ਵਲੋਂ ਅਵਾਰਡ ਪ੍ਰਦਾਨ ਕੀਤਾ ਗਿਆ। ਸਕੂਲ ਦੀ ਇਸ ਪ੍ਰਾਪਤੀ ਲਈ ਜਿਲ੍ਹਾ ਸਿੱਖਿਆ ਅਫਸਰ (ਸੈ) ਦਲਜਿੰਦਰ ਕੌਰ ਵਿਰਕ, ਉਪ ਜਿਲ੍ਹਾ ਸਿੱਖਿਆ ਅਫਸਰ ਰਾਜੇਸ਼ ਭੱਲਾ, ਜਿਲ੍ਹਾ ਐਕਟੀਵਿਟੀ ਕੋਆਰਡੀਨੇਟਰ ਸੁਨੀਲ ਬਜਾਜ, ਜਿਲ੍ਹਾ ਸਿੱਖਿਆ ਵਾਤਾਵਰਣ ਪ੍ਰੋਗਰਾਮ ਦੇ ਕੋਆਰਡੀਨੇਟਰ ਗਗਨਦੀਪ ਸਿੰਘ ਅਤੇ ਬਲਾਕ ਕੋਆਰਡੀਨੇਟਰ ਸ਼ਮਸ਼ੇਰ ਸਿੰਘ ਨੇ ਵੀ ਸਮੂਹ ਦੇ ਸਕੂਲ ਸਟਾਫ ਦੀ ਸ਼ਲਾਘਾ ਕਰਦਿਆਂ ਵਧਾਈ ਸੰਦੇਸ਼ ਭੇਜੇ ਹਨ। ਸਰਪੰਚ ਅੰਮ੍ਰਿਤਪਾਲ ਸਿੰਘ ਚੀਮਾ ਨੇ





ਸਕੂਲ ਦੀ ਇਸ ਪ੍ਰਾਪਤੀ ਨੂੰ ਲੈ ਕੇ ਖੁਸ਼ੀ ਦਾ ਪ੍ਰਗਟਾਵਾ ਕੀਤਾ ਅਤੇ ਖਾਸ ਤੌਰ ਤੇ ਈਕੋ ਕਲੱਬ ਇੰਚਾਰਜ ਕਮਲ ਗੁਪਤਾ ਨੂੰ ਸਨਮਾਨਤ ਕਰਕੇ ਹੌਸਲਾ ਅਫਜਾਈ ਕੀਤੀ। ਅਖੀਰ ਵਿਚ ਸਕੂਲ ਇੰਚਾਰਜ ਲਖਵਿੰਦਰ ਪ੍ਰੀਤ ਕੌਰ ਨੇ ਸਮੂਹ ਪਤਵੰਤਿਆਂ ਦਾ ਧੰਨਵਾਦ ਕੀਤਾ। ਇਸ ਮੌਕੇ ਪੰਚਾਇਤ ਮੈਂਬਰ ਗੁਰਪ੍ਰੀਤ ਸਿੰਘ ਬਾਠ, ਬਲਰਾਜ ਸਿੰਘ ਚੀਮਾ, ਸੁਖਦੇਵ ਸਿੰਘ ਕੁੱਕੂ, ਮਨਦੀਪ ਕੌਰ ਤੋਂ ਇਲਾਵਾ ਸੁਖਵਿੰਦਰ ਸਿੰਘ ਨੰਬਰਦਾਰ, ਕੁਲਵੀਰ ਸਿੰਘ ਚੀਮਾ, ਅਨੀਤਾ ਰਾਣੀ, ਪੁਨੀਤ ਕੰਵਲ ਕੌਰ, ਸੋਨਿਕਾ, ਸੋਨੀਆ, ਨਵਨੀਤ ਕੌਰ, ਪ੍ਰੀਤੀ, ਦੀਪਾਵਲੀ, ਅਰਸ਼ਦੀਪ ਸਿੰਘ, ਗੁਰਮੀਤ ਚੰਦ, ਬਲਵਿੰਦਰ ਸਿੰਘ ਸਮੇਤ ਸਕੂਲੀ ਵਿਦਿਆਰਥੀ ਹਾਜਰ ਸਨ।

# ਆਰ.ਟੀ.ਏ. ਨੇ ਆਵਾਜਾਈ ਨਿਯਮਾਂ ਦੀ ਉਲੰਘਣਾ ਕਰਨ ਵਾਲੇ 10 ਹੈਵੀ ਡਿਊਟੀ ਵਾਹਨਾਂ ਦੇ ਚਲਾਨ ਕੱਟੇ




ਗੁਰਦਾਸਪੁਰ - ਨਵਨੀਤ ਕੁਮਾਰ - ਵਾਹਨ ਚਾਲਕਾਂ ਨੂੰ ਆਵਾਜਾਈ ਨਿਯਮਾਂ ਦੀ ਪਾਲਣਾ ਕਰਾਉਣ ਹਿਤ ਟਰਾਂਸਪੋਰਟ ਵਿਭਾਗ ਗੁਰਦਾਸਪੁਰ ਵੱਲੋਂ ਵਿਸ਼ੇਸ਼ ਮੁਹਿੰਮ ਚਲਾਈ ਜਾ ਰਹੀ ਹੈ। ਆਰ.ਟੀ.ਏ. ਗੁਰਦਾਸਪੁਰ ਸ੍ਰੀ ਦਵਿੰਦਰ ਕੁਮਾਰ ਵੱਲੋਂ ਬੀਤੀ ਰਾਤ ਵਿਸ਼ੇਸ਼ ਚੈਕਿੰਗ ਅਭਿਆਨ ਦੌਰਾਨ ਆਵਾਜਾਈ ਨਿਯਮਾਂ ਦੀ ਉਲੰਘਣਾ ਕਰਨ ਵਾਲੇ 10 ਹੈਵੀ ਡਿਊਟੀ ਵਾਹਨ ਚਾਲਕਾਂ ਦੇ ਚਲਾਨ ਕੱਟੇ ਗਏ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਆਰ.ਟੀ.ਏ. ਸ੍ਰੀ ਦਵਿੰਦਰ ਕੁਮਾਰ ਨੇ ਦੱਸਿਆ ਕਿ ਉਨ੍ਹਾਂ ਵੱਲੋਂ ਬੀਤੀ ਰਾਤ ਗੁਰਦਾਸਪੁਰ ਨੇੜੇ ਹਾਈਵੇਅ ਉੱਪਰ ਵਿਸ਼ੇਸ਼ ਨਾਕਾ ਲਗਾ ਕੇ ਵਾਹਨ ਚਾਲਕਾਂ ਦੇ ਕਾਗਜ਼ਾਤ ਚੈੱਕ ਕੀਤੇ ਗਏ। ਇਸ ਦੌਰਾਨ ਉਨ੍ਹਾਂ ਨੇ ਓਵਰ ਲੋਡਿਡ ਹੈਵੀ ਡਿਊਟੀ ਵਾਹਨਾਂ ਅਤੇ ਆਵਾਜਾਈ ਨਿਯਮਾਂ ਦੀ ਉਲੰਘਣਾ ਕਰਨ ਵਾਲੇ 10 ਵਾਹਨਾਂ ਦੇ ਚਲਾਨ ਕੱਟੇ ਗਏ ਹਨ। ਉਨ੍ਹਾਂ ਕਿਹਾ ਕਿ ਓਵਰਲੋਡ ਵਾਹਨ ਚਲਾਉਣਾ ਅਤੇ ਹੋਰ ਆਵਾਜਾਈ ਨਿਯਮਾਂ ਦੀ ਪਾਲਣਾ ਨਾ ਕਰਨਾ ਅਕਸਰ ਹੀ ਹਾਦਸਿਆਂ ਦਾ ਕਾਰਨ ਬਣਦਾ ਹੈ, ਜਿਸ ਨਾਲ ਕਈ ਕੀਮਤੀ ਜਾਨਾਂ ਤੱਕ ਚਲੀਆਂ ਜਾਂਦੀਆਂ ਹਨ। ਉਨ੍ਹਾਂ ਕਿਹਾ ਇਸ ਲਈ ਹਰ ਵਾਹਨ ਚਾਲਕ ਨੂੰ ਆਵਾਜਾਈ ਨਿਯਮਾਂ ਦੀ ਪਾਲਣਾ ਕਰਨੀ ਚਾਹੀਦੀ ਹੈ ਅਤੇ ਨਾਲ ਹੀ ਆਪਣੇ ਵਾਹਨਾਂ ਦੇ ਸਾਰੇ ਕਾਗਜ਼ਾਤ ਪੂਰੇ ਰੱਖਣੇ ਚਾਹੀਦੇ ਹਨ। ਆਰ.ਟੀ.ਏ. ਸ੍ਰੀ ਦਵਿੰਦਰ ਕੁਮਾਰ ਨੇ ਜ਼ਿਲ੍ਹੇ ਦੇ ਸਮੂਹ ਸਕੂਲ ਪ੍ਰਬੰਧਕਾਂ ਨੂੰ ਵੀ ਹਦਾਇਤ ਕੀਤੀ ਹੈ ਕਿ ਉਹ ਸੇਫ਼ ਸਕੂਲ ਵਾਹਨ ਪਾਲਿਸੀ ਦੀ ਇੰਨ-ਬਿੰਨ ਪਾਲਣਾ ਕਰਨ। ਉਨ੍ਹਾਂ ਕਿਹਾ ਕਿ ਟਰਾਂਸਪੋਰਟ ਵਿਭਾਗ ਵੱਲੋਂ ਟਰੈਫਿਕ ਪੁਲਿਸ ਨਾਲ ਮਿਲ ਕੇ ਇਹ ਚੈਕਿੰਗ ਅਭਿਆਨ ਭਵਿੱਖ ਵਿੱਚ ਵੀ ਜਾਰੀ ਰਹੇਗਾ।

# ਪਿੰਡ ਗੁਲਾਬਗੜ੍ਹ ਜਗੀਰ ਵਿਖੇ ਸ਼ਰਧਾ ਨਾਲ ਕਰਵਾਇਆ 648ਵੇਂ ਗੁਰਪੁਰਬ ਨੂੰ ਸਮਰਪਿਤ ਧਾਰਮਿਕ ਸਮਾਗਮ

ਫਗਵਾੜਾ (ਸੁਸ਼ੀਲ ਸ਼ਰਮਾ) ਸ੍ਰੀ ਗੁਰੂ ਰਵਿਦਾਸ ਗੁਰਦੁਆਰਾ ਸਾਹਿਬ ਪਿੰਡ ਗੁਲਾਬਗੜ੍ਹ ਜਗੀਰ ਦੀ ਪ੍ਰਬੰਧਕ ਕਮੇਟੀ ਵਲੋਂ ਗੁਰੂ ਸਾਹਿਬ ਦੇ 648ਵੇਂ ਗੁਰਪੁਰਬ ਨੂੰ ਸਮਰਪਿਤ ਧਾਰਮਿਕ ਸਮਾਗਮ ਸ਼੍ਰੀ ਗੁਰੂ ਰਵਿਦਾਸ ਗੁਰਦੁਆਰਾ ਪ੍ਰਬੰਧਕ ਕਮੇਟੀ, ਪ੍ਰਵਾਸੀ ਭਾਰਤੀਆਂ, ਗ੍ਰਾਮ ਪੰਚਾਇਤ ਅਤੇ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਬੜੀ ਸ਼ਰਧਾ ਤੇ ਉਤਸ਼ਾਹ ਪੂਰਵਕ ਕਰਵਾਇਆ ਗਿਆ। ਸਵੇਰੇ ਸ੍ਰੀ ਸਹਿਜ ਪਾਠ ਦੇ ਭੋਗ ਉਪਰੰਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਜ਼ੂਰੀ ਵਿਚ ਧਾਰਮਿਕ ਦੀਵਾਨ ਸਜਾਇਆ ਗਿਆ। ਇਸ ਦੌਰਾਨ ਗਿਆਨੀ ਸਤਨਾਮ ਸਿੰਘ ਬੰਸੀਆ ਢੱਕ (ਫਿਲੌਰ) ਦੇ ਜੱਥੇ ਨੇ ਕਥਾ ਕੀਰਤਨ ਰਾਹੀਂ ਗੁਰੂ ਰਵਿਦਾਸ ਮਹਾਰਾਜ ਦੇ ਜੀਵਨ ਫਲਸਫੇ ਬਾਰੇ



ਚਾਨਣਾ ਪਾਇਆ। ਉਪਰੰਤ ਮਿਸ਼ਨਰੀ ਕਲਾਕਾਰ ਵਿੱਕੀ ਬਹਾਦਰਕੇ ਐਂਡ ਮਿਊਜੀਕਲ ਗਰੁੱਪ ਨੇ ਗੁਰੂ ਇਤਿਹਾਸ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ। ਪ੍ਰਬੰਧਕਾਂ ਵਲੋਂ ਸਮੂਹ ਸੰਗਤਾਂ ਨੂੰ ਗੁਰੂ ਰਵਿਦਾਸ ਮਹਾਰਾਜ ਦੇ ਪ੍ਰਕਾਸ਼ ਦਿਹਾੜੇ ਦੀ ਵਧਾਈ ਦਿੱਤੀ ਗਈ ਅਤੇ ਉਹਨਾਂ ਦੇ ਦਰਸਾਏ ਮਾਰਗ ਉਪਰ ਚੱਲਣ ਲਈ ਪ੍ਰੇਰਿਆ ਗਿਆ। ਸੇਵਾਦਾਰਾਂ ਵਲੋਂ ਚਾਹ ਪਕੌੜੇ ਅਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ। ਸਮਾਗਮ ਦੌਰਾਨ ਵੱਡੀ ਗਿਣਤੀ ਵਿਚ ਪਿੰਡ ਦੀਆਂ ਸੰਗਤਾਂ ਨੇ ਨਤਮਸਤਕ ਹੋ ਕੇ ਗੁਰੂ ਸਾਹਿਬਾਨ ਦਾ ਅਸ਼ੀਰਵਾਦ ਪ੍ਰਾਪਤ ਕੀਤਾ। ਇਸ ਮੌਕੇ ਸਮੂਹ ਪ੍ਰਬੰਧਕ ਕਮੇਟੀ, ਸੇਵਾਦਾਰ ਅਤੇ ਪਿੰਡ ਦੇ ਪਤਵੰਤੇ ਹਾਜਰ ਸਨ।

SHAHEED BABA NIHAL SINGH CHARITABLE HOSPITAL
Near Gurudwara Talhan, VPO-Talhan, Distt. Jalandhar, Ph. 0181-2770808
FACILITIES AVAILABLE
Ambulance Service 24hrs.
I.C.C.U. (Intensive Cardiac Care Unit), Indoor Facies Ultrasound Scan, Gyane & Obstetrical Operations, Surgieries, Neonatal ICU (Incubator Phototherapy) Well Equipped Laboratory, Nebulizer for Asthma Patients, Ortho & Spine Surgeon, Special Clinic for Skin & V.D., SIDS & HIV Patients, ECG, Dental Facilites, Eye Operations
Free Medicine for 9am to 5pm

JSDC GROUP ਜਲੰਧਰ ਸਕਿਲ ਡਿਵੈਲਪਮੈਂਟ ਕਾਰਪੋਰੇਸ਼ਨ 82880 21797 82880 21798
WWW.JSDCGROUP.COM
ਦੁਬਈ, ਕੁਵੈਤ ਅਤੇ ਯੂਰਪ ਦੇ ਦੇਸ਼ਾਂ ਵਿੱਚ ਵਰਕ ਪਰਮਿਟ ਦੀ ਜਾਣਕਾਰੀ ਲਈ ਅੱਗੇ ਦਿੱਤੇ ਨੰਬਰਾਂ 'ਤੇ ਕਾਲ ਕਰੋ ਜਾਂ ਸਾਡੇ ਫੇਸਬੁੱਕ, ਇੰਸਟਾਗ੍ਰਾਮ, ਲਿੰਕਡਇਨ, ਯੂਟਿਊਬ ਅਤੇ ਟਵਿੱਟਰ ਅਕਾਊਂਟਸ ਨੂੰ ਫਾਲੋ ਕਰੋ
JSDC GROUP - INDIA

INNOCENT HEARTS GROUP OF INSTITUTIONS
Learning Today... Leading Tomorrow!
150+ Placements In Session 2022-23
18+ MOUs with Industries
upto 100% Scholarship Schemes*
Offering 20+ Programmes
Management | Commerce | Information Technology
Hospitality | Medical Lab | Healthcare Sciences
Enroll for Session 2023-24
1800-833-4600
87250-33447
www.ihgi.in

St. Soldier GROUP OF INSTITUTIONS SINCE 1958
EDUCATIONAL 64 YEARS EXCELLENCE
MORE THAN
56 Colleges & Schools 200 Merit Positions
125 Companies For Placements
75 Academic Courses
2000 Placements In 2022-2023
42000 Students From All Over India
CANADIAN PATHWAY PROGRAMS
FREE BUS SERVICE FOR ALL COLLEGE STUDENTS FOR ALL ROUTES
ENGINEERING (B.Tech - M.Tech*)
PARAMEDICAL COURSES
LAW
INDUSTRIAL TRAINING INSTITUTE
HOTEL MANAGEMENT
POLYTECHNIC DIPLOMA
TEACHER / PHYSICAL EDUCATION
NURSING TRAINING
ARCHITECTURE
MANAGEMENT & COMMERCE
MEDIA & FASHION
INFORMATION TECHNOLOGY
DEGREE COURSES
LATERAL ENTRY ADMISSION INTO SECOND YEAR AVAILABLE
Now ANIMATION & SOCIAL MEDIA Courses Available
CORP. OFFICE : 680-L MODEL TOWN, JALANDHAR.
M: 9814003681 | 9814003652 | 9814345025 | 9914464565
www.stsoldiergroup.com